ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**

## ਹਰਿਆਣਾ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਚੌਧਰੀ ਓਮ ਪ੍ਰਕਾਸ ਚੌਟਾਲਾ ਦੇ ਅਕਾਲ ਚਲਾਣਾ ਕਰਨ ’ਤੇ

# ਉਨਾਂ ਦੇ ਸਪੁੱਤਰ ਡਾ. ਅਜੇ ਚੌਟਾਲਾ ਅਤੇ ਭਾਈ ਅਭੈ ਚੌਟਾਲਾ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਅਤੇ ਹੋਰ ਪੰਥਕ ਸ਼ਖਸੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ








**ਡੱਬਵਾਲੀ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਹਰਿਆਣਾ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਚੌਧਰੀ ਓਮ ਪ੍ਰਕਾਸ ਚੌਟਾਲਾ ਦੇ ਅਕਾਲ ਚਲਾਣਾ ਕਰਨ ਤੇ ਉਨਾਂ ਦੇ ਸਪੁੱਤਰ ਡਾ. ਅਜੇ ਚੌਟਾਲਾ ਅਤੇ ਭਾਈ ਅਭੈ ਚੌਟਾਲਾ ਨਾਲ ਅੱਜ ਉਨਾਂ ਦੇ ਨਿਵਾਸ ਅਸਥਾਨ ਤੇਜਾ ਖੇੜਾ ਫਾਰਮ ਨੇੜੇ ਡੱਬਵਾਲੀ ਸਿਰਸਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਅਹੁਦੇਦਾਰ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਸੰਤ ਬਰਿੰਦਰ ਸਿੰਘ ਜਗਮਾਲਵਾਲੀ,ਸਕੱਤਰ ਜਨਰਲ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ,ਜਰਨਲ ਸਕੱਤਰ ਜਥੇਦਾਰ ਮਲਕੀਤ ਸਿੰਘ ਪੰਨੀਵਾਲਾ ਸਿਰਸਾ,ਜਰਨਲ ਸਕੱਤਰ ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਪੰਚਕੁਲਾ,ਜਰਨਲ ਸਕੱਤਰ ਜਥੇਦਾਰ ਸਤਿੰਦਰ ਸਿੰਘ ਮੰਟਾ ਰਸ਼ੀਦਾਂ,ਮੈਂਬਰ ਸਰਦਾਰ ਅਮਰਜੀਤ ਸਿੰਘ ਡਡਿਆਲਾ ਯਮੁਨਾਨਗਰ,ਪ੍ਰਸਿੱਧ ਸੂਫੀ ਗਾਇਕ ਸ਼ਮਸ਼ੇਰ ਸਿੰਘ ਲਹਿਰੀ,ਪ੍ਰਸਿੱਧ ਢਾਡੀ ਮਲਕੀਤ ਸਿੰਘ ਮੀਤ ਪੰਚਕੂਲਾ,ਅਦਿਤਿਆ ਚੌਟਾਲਾ ਵਿਧਾਇਕ ਹਲਕਾ ਡੱਬਵਾਲੀ,ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ,ਇੰਚਾਰਜ ਜਥੇਦਾਰ ਸਿਕੰਦਰ ਸਿੰਘ ਵਰਾਣਾ,ਇੰਚਾਰਜ ਭਾਈ ਬਲਵੰਤ ਸਿੰਘ ਗੋਪਾਲਾ,ਸਹਾਇਕ ਭਾਈ ਗੋਬਿੰਦ ਸਿੰਘ ਯਮੁਨਾਨਗਰ ਅਤੇ ਹੋਰ ਸਾਥੀ ਹਾਜਰ ਸਨ। ••

### ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ

# ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਨਾਜ਼ੁਕ ਸਿਹਤ ’ਤੇ ਚਿੰਤਾ ਜ਼ਾਹਿਰ



ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਇਕ ਅਹਿਮ ਮੀਟਿੰਗ ਸੰਸਥਾ ਦੈ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਪ੍ਰਧਾਨਗੀ ਹੇਠ ਹੋਈ ,ਜਿਸ ਵਿਚ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਦੀ ਵਰਤਮਾਨ ਨਾਜਕ ਸੇਹਤ ਸਥਿਤੀ ਤੇ ਚਿੰਤਾ ਜ਼ਾਹਿਰ ਕਰਦਿਆ ਸ ਇੰਦਰਜੀਤ ਸਿੰਘ ਵਾਰੀਆ ,ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਮੁਖੀ ਧਾਰਮਿਕ ਵਿੰਗ ।ਜਨ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ ,ਲੈਕਚਰਾਰ ਤਰਸੇਮ ਪਠਲਾਵਾ ਅਤੇ ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ ਨੇ ਇਕ ਸਾਂਝੇ ਬਿਆਨ ਵਿਚ ਬੋਲਦਿਆਂ ਆਖਿਆ ਕਿ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ 26 ਨਵੰਬਰ ਤੋਂ ਭੁੱਖ ਹੜਤਾਲ ਤੇ ਬੈਠੇ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਦੀ ਸੇਹਤ ਬੇਹੱਦ ਨਾਜ਼ੁਕ ਬਣੀ ਹੋਈ ਹੈ। ਇਸ ਲਈ ਕੇਂਦਰ ਅਤੇ ਪੰਜਾਬ ਦੀਆ ਸਰਕਾਰਾਂ ਨੂੰ ਤੁਰੰਤ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਪ੍ਰਵਾਨ ਕਰਦਿਆਂ ਖੁੱਲ ਦਿਲੀ ਦਿਖਾਉਣੀ ਚਾਹੀਦੀ ਹੈਂ। ਪਰ ਦੁਖ ਇਸ ਗੱਲ ਦਾ ਹੈ ਕਿ ਦੋਨੋਂ ਸਰਕਾਰਾਂ ਕਿਸਾਨੀ ਮਸਲਿਆਂ ਤੇ ਗੰਭੀਰ ਨਹੀ ਹਨ। ਉਹਨਾਂ ਕਿਹਾ ਕਿ ਜੇਕਰ ਸ ਜਗਜੀਤ ਸਿੰਘ ਡੱਲੇਵਾਲ ਦੀ ਸੇਹਤ ਦਾ ਨੁਕਸਾਨ ਹੁੰਦਾ ਹੈ ਤਾਂ ਇਸ ਨਾਲ ਪੰਜਾਬ ਸਮੇਤ ਪੂਰੇ ਦੇਸ਼ ਦੇ ਕਿਸਾਨਾਂ ਵਿਚ ਬੁਹਤ ਵੱਡਾ ਰੋਹ ਪੇਂਦਾ ਹੋ ਜਾਵੇਗਾ । ਜਿਸਦਾ ਦੇਸ਼ ਦੀ ਕਾਨੂੰਨ ਵਿਵਸਥਾ ਤੇ ਵੀ ਬੂਰਾ ਅਸਰ ਪੈ ਸਕਦਾ ਹੈ । ਇਸ ਲਈ ਮੌਕੇ ਦੀਆਂ ਹਾਕਿਮ ਸਰਕਾਰਾਂ ਨੂੰ ਦੇਸ਼ ਦੇ ਅੰਨ ਦਾਤਾ , ਕਿਸਾਨਾ ਦੀਆਂ ਹੱਕੀ ਮੰਗਾਂ ਨੂੰ ਮੰਨ ਲੈਣਾ ਚਾਹੀਦਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ ਆਤਮਾਂ ਸਿੰਘ ਸੂਰਾਪੁਰ, ਪ੍ਰੋ ਚਰਨਜੀਤ ਸਿੰਘ ਪੋਸੀ, ਸ ਬਲਵੀਰ ਸਿੰਘ ਯੂ ਕੇ, ਅਮਰਜੀਤ ਸਿੰਘ ਸੂਰਾਪੁਰ,ਸੰਦੀਪ ਕੁਮਾਰ ਗੌੜ,ਮਾ ਰਮੇਸ਼ ਕੁਮਾਰ ਪਠਲਾਵਾ, ਹਰਜੀਤ ਸਿੰਘ ਜੀਤਾ, ਮਾ ਸੁਰਿੰਦਰ ਸਿੰਘ ਕਰਮ,ਜੀ ਚੰਨੀ ਪਠਲਾਵਾ, ਸਤੀਸ਼ ਕੁਮਾਰ ਐਮਾਂ ਜਟਾਂ, ਡਾ ਕੁਲਦੀਪ ਰਾਜ ਬੰਗਾ, ਰਜਿੰਦਰ ਸਿੰਘ ਜਿੰਦਾ ਹਾਜਿਰ ਸਨ।

**ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

# ਸਾਕਾ ਚਮਕੌਰ

ਦਲ ਵੈਰੀ ਦੇ ਲੱਖਾਂ ਤੋਂ ਕੱਖ ਹੋ ਗਏ, ਉੱਚੀ ਮਮਟੀਓਂ ਚਲਦੇ ਨੇ ਤੀਰ ਦੇਖੋ।
ਮੂੰਹ ਮੋੜਤਾ ਸੀ ਜਰਵਾਣਿਆਂ ਦਾ, ਦਸਮੇਸ਼ ਪਿਤਾ ਦੀ ਰੱਬੀ ਸ਼ਮਸ਼ੀਰ ਦੇਖੋ।

ਲੱਗੇ ਭਾਗ ਚਮਕੌਰ ਨੂੰ ਖਾਲਸੇ ਦੇ , ਕੱਚੀ ਗੜ੍ਹੀ ਸੀ ਤਣੀ ਚਟਾਨ ਵਾਂਗੂੰ,
ਜੈਕਾਰੇ ਮਾਰ ਕੇ ਫਤਹਿ ਬੁਲੰਦ ਕਰਦੇ , ਕਲਗੀਧਰ ਦੇ ਖਾਲਸੇ ਬੀਰ ਦੇਖੋ।

ਜਥੇ ਸਿੰਘਾਂ ਦੇ ਵੈਰੀ ‘ਤੇ ਟੁੱਟ ਪੈਂਦੇ, ਚਾਅ ਚੜ੍ਹਿਆ ਹੈ ਬੜਾ ਸ਼ਹੀਦੀਆਂ ਦਾ,
ਬਾਈਧਾਰ ਨੂੰ ਛਿੜਦਾ ਰਿਹਾ ਕਾਂਬਾ,ਦਹਿਲ ਗਏ ਸੀ ਮੁਗਲੀਆ ਮੀਰ ਦੇਖੋ।

ਦਿੱਤਾ ਥਾਪੜਾ ਅਜੀਤ ਜੁਝਾਰ ਨੂੰ ਵੀ, ਹੱਥੀਂ ਸਜਾ ਕੇ ਜੰਗ ਨੂੰ ਤੋਰ ਦਿੱਤੇ,
ਸਵਾ ਲੱਖ ਨਾਲ ਇੱਕ ਲੜਾਂਵਦੇ ਜੋ,ਗੁਰੂ ਗੋਬਿੰਦ ਸਿੰਘ ਜੱਗ ਦੇ ਪੀਰ ਦੇਖੋ।

ਜਦੋਂ ਹੁਕਮ ਵਜਾ ਕੇ ਖਾਲਸੇ ਦਾ , ਤਾੜੀ ਮਾਰ ਕੇ ਸਤਗੁਰਾਂ ਗੜ੍ਹੀ ਛੱਡੀ,
ਵੈਰੀ ਦਲਾਂ ‘ਚ ਬੜਾ ਘਮਸਾਨ ਮਚਿਆ, ਹੋਏ ਦਿਲੋਂ ਜੋ ਸੀ ਦਲਗੀਰ ਦੇਖੋ।

ਖੰਡੇ ਬਾਟੇ ਦੀ ਪਹੁਲ ਦਾ ਜੌਹਰ ਦੇਖੋ,ਫਤਹਿ ਫਤਹਿ ਹੀ ਸਿੰਘ ਪੁਕਰਦੇ ਨੇ,
ਧਾਂਕ ਸੂਰਿਆਂ ਪੂਰਿਆਂ ਪਾਈ ਐਸੀ,ਜਿਗਰਾ ਜਾਂਦਾ ਚਟਾਨਾ ਨੂੰ ਚੀਰ ਦੇਖੋ।

ਪਿਆਰੇ ਸਿੰਘ ਗੁਰੂ ਗੋਬਿੰਦ ਸਿੰਘ ਦੇ,ਨਾਲ ਪਰਬਤਾਂ ਮੱਥਾ ਨੇ ਲਉਣ ਵਾਲੇ,
ਜਿਹੜਾ ਕਦੀ ਸਹਾਰੇ ਨਾ ਖਾਲਸੇ ਨੂੰ, ਬਿਪਰਵਾਦ ਦੀ ਅੱਖ ਦਾ ਟੀਰ ਦੇਖੋ।

ਨਿਗ੍ਹਾ ਰਹੇ ਸਵੱਲੀ ਗੁਰੂ ਖਾਲਸੇ ‘ਤੇ, ਤਿੱਤਰ ਫੇਰ ਉਡਾਰੀਆਂ ਮਾਰਦੇ ਨੇ,
‘ਢੇਸੀ’ ਖਾਲਸਾਈ ਸ਼ੇਰ ਨੇ ਗਰਜਣਾ ਹੈ,ਜੀਂਦੀ ਸਦਾ ਹੈ ਸਿੱਖੀ ਜ਼ਮੀਰ ਦੇਖੋ।

**-ਕੁਲਵੰਤ ਸਿੰਘ ‘ਢੇਸੀ’, ਯੂ ਕੇ**

## ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ

# ਵਿਦਿਆਰਥੀਆਂ ਨੇ ਲਗਾਇਆ ਵਿੱਦਿਅਕ ਅਤੇ ਧਾਰਮਿਕ ਟੂਰ



**ਬਰਨਾਲਾ,(ਵਰਿਆਮ ਹਠੂਰ)** ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਵਿੱਦਿਅਕ ਅਤੇ ਧਾਰਮਿਕ ਟੂਰ ਲਗਾਇਆ।ਇਸ ਦੌਰਾਨ ਸਭ ਤੋਂ ਪਹਿਲਾ ਗੁਰਦੁਆਰਾ ਸ਼੍ਰੀ ਰਾੜਾ ਸਾਹਿਬ ਦੇ ਦਰਸ਼ਨ ਕੀਤੇ, ਇਸ ਤੋਂ ਬਾਅਦ ਤਪੋਬਣ ਸਾਹਿਬ, ਗੁਰਦੁਆਰਾ ਸ਼੍ਰੀ ਸੰਗਤਸਰ ਸਾਹਿਬ (ਸ਼ੀਸ਼ਿਆਂਵਾਲਾ ਗੁਰਦੁਆਰਾ), ਗੁਰਦੁਆਰਾ ਮੰਜੀ ਸਾਹਿਬ ਆਲਮਗੀਰ, ਗੁਰਦੁਆਰਾ ਫਲਾਹੀ ਸਾਹਿਬ ਦੇ ਦਰਸ਼ਨ ਕੀਤੇ। ਇਸ ਟੂਰ ਦੌਰਾਨ ਬੱਚਿਆਂ ਨੇ ਸਿੱਖ ਇਤਿਹਾਸ ਬਾਰੇ ਡੂੰਘੀ ਜਾਣਕਾਰੀ ਪ੍ਰਾਪਤ ਕੀਤੀ। ਇਸ ਟੂਰ ਵਿੱਚ ਬੱਚਿਆਂ ਲਈ ਸਕੂਲ ਵੱਲੋਂ ਰਿਫਰੈਸ਼ਮੈਂਟ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਅਤੇ ਬੱਚਿਆਂ ਲਈ ਇਹ ਟੂਰ ਮਨੋਰੰਜਨ ਦੇ ਨਾਲ ਨਾਲ ਗਿਆਨ ਭਰਪੂਰ ਵੀ ਸੀ। ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਨੇ ਬੋਲਦਿਆਂ ਦੱਸਿਆ ਕਿ ਸਾਡੇ ਸਕੂਲ ਵੱਲੋਂ ਸਮੇਂ ਸਮੇਂ ਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰ ਅਤੇ ਖੇਡ ਗਤੀਵਿਧੀਆਂ ਵੱਲ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ ਤਾਂ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ ਇਸ ਟੂਰ ਦੇ ਖਾਸ ਮੌਕੇ ਤੇ ਸਮੂਹ ਸਟਾਫ਼ ਵੀ ਹਾਜ਼ਿਰ ਸੀ।

## ਗੁਰੂ ਸਾਹਿਬਾਨ, ਸਾਹਿਬਜਾਦਿਆਂ ਸਮੇਤ ਪੰਥ ਵਿਚ

# ਹੋਈਆਂ ਸ਼ਹੀਦੀਆਂ ਸਾਡੇ ਲਈ ਹਨ ਮਾਰਗਦਰਸ਼ਕ: ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਗੁਰਬਾਣੀ ਰਿਸਰਚ ਫਾਉਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਸੇਵਾ ਸੋਸਾਇਟੀ ਵਲੋਂ ਗੁਰਦੁਆਰਾ ਸਾਹਿਬ ਰਾਮਗੜੀਆ ਸ਼ਿਵ ਨਗਰ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਸਾਹਿਬਜਾਦਿਆਂ ਵਲੋਂ ਦਿੱਤੀ ਗਈ ਅਦੁੱਤੀ ਸ਼ਹਾਦਤ ਦੀ ਯਾਦ ਵਿਚ ਵਿਸ਼ੇਸ਼ ਕੀਰਤਨ ਦਰਬਾਰ ਸਜਾਏ ਗਏ।ਇਸ ਮੌਕੇ ਪੰਥ ਦੇ ਪ੍ਰਸਿੱਧ ਰਾਗੀ ਜਥੇਆਂ ਨੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਜਿਨ੍ਹਾਂ ਵਿਚ ਭਾਈ ਜਗਪ੍ਰੀਤ ਸਿੰਘ ਖੰਨੇ ਵਾਲੇ, ਭਾਈ ਬਿੰਦਰ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਅਤੇ ਭਾਈ ਅਮਰਜੀਤ ਸਿੰਘ ਪਟਿਆਲਾ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰੀ ਸੀ।ਇਸ ਮੌਕੇ ਸੰਸਥਾ ਵਲੋਂ ਐਜੂਕੇਸ਼ਨ ਲੰਗਰ ਲਗਾ ਕੇ ਬੱਚਿਆਂ ਨੂੰ ਕਾਪੀਆਂ, ਰਜਿਸਟਰ, ਪੈਨ ਅਤੇ ਪੈਨਸਿਲ ਵੰਡ ਕੇ ਉਨ੍ਹਾਂ ਨੂੰ ਪੜਨ ਲਈ ਪ੍ਰੇਰਿਤ ਕੀਤਾ ਗਿਆ।




ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਦੇ ਸਾਬਕਾ ਮੁੱਖ ਸੇਵਾਦਾਰ, ਗੁਰਬਾਣੀ ਰਿਸਰਚ ਫਾਉਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਸੇਵਾ ਸੋਸਾਇਟੀ ਦੇ ਚੇਅਰਮੈਨ ਪੰਥਕ ਆਗੂ ਸਰਦਾਰ ਪਰਮਜੀਤ ਸਿੰਘ ਵੀਰਜੀ ਜਿਨ੍ਹਾਂ ਵਲੋਂ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਸੀ ਨੇ ਦਸਿਆ ਕਿ ਸਿੱਖ ਵਿਰਾਸਤ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਅਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਵਿਸ਼ੇਸ਼ ਮਹੱਤਵ ਰੱਖਦੀ ਹੈ। ਇਸ ਤਿਆਗ ਨੂੰ ਯਾਦ ਰੱਖਣ ਲਈ ਸਿੱਖ ਕੌਮ ਵੱਲੋਂ ਹਰ ਸਾਲ ਸ਼ਹੀਦੀ ਯਾਦਗਾਰ ਅਤੇ ਸ਼ਹੀਦੀ ਦਿਹਾੜੇ ਮਨਾਏ ਜਾਂਦੇ ਹਨ। ਸਿੱਖ ਇਤਿਹਾਸ ਵਿੱਚ ਸਾਹਿਬਜ਼ਾਦਿਆਂ ਦੀ ਸ਼ਹੀਦੀ ਇੱਕ ਮਹਾਨ ਅਧਿਆਇ ਹੈ ਜੋ ਤਿਆਗ ਅਤੇ ਸਿੱਖ ਧਰਮ ਦੇ ਬੁਨਿਆਦੀ ਸਿਧਾਂਤਾਂ ਦਾ ਪ੍ਰਤੀਕ ਹੈ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਪੁੱਤਰਾਂ ਨੇ ਆਪਣੇ ਧਰਮ ਦੀ ਰੱਖਿਆ ਲਈ ਆਪਣੀਆਂ ਜ਼ਿੰਦਗੀਆਂ ਕੁਰਬਾਨ ਕੀਤੀਆਂ। ਇਹ ਘਟਨਾਵਾਂ ਸਾਡੇ ਲਈ ਸਿਰਫ਼ ਇੱਕ ਇਤਿਹਾਸ ਨਹੀਂ ਸਗੋਂ ਸਾਡੇ ਲਈ ਮਾਰਗਦਰਸ਼ਕ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਹਾਕਿਆਂ ਵਿੱਚ ਸਿੱਖ ਪਰਿਵਾਰਾਂ ਵਿੱਚ ਪੱਛਮ ਦੀ ਕਲਚਰਰ ਨੂੰ ਅਪਨਾਉਣ ਦਾ ਰੁਝਾਨ ਵੱਧਣ ਨਾਲ ਆਧੁਨਿਕਤਾ ਦਾ ਪ੍ਰਭਾਵ ਜਿਆਦਾ ਹੋ ਗਿਆ ਹੈ ਜਿਸ ਕਰਕੇ ਸਿੱਖ ਇਤਿਹਾਸ ਦੀ ਸਿੱਖਿਆ ਜੋ ਕਦੇ ਸਿੱਖਿਆ ਪ੍ਰਣਾਲੀ ਦਾ ਅਭਿੰਨ ਭਾਗ ਸੀ. ਹੁਣ ਬਹੁਤ ਘੱਟ ਸਿਖਾਈ ਜਾ ਰਹੀ ਹੈ। ਜਿਸ ਕਰਕੇ ਅਸੀ ਸਿੱਖ ਇਤਿਹਾਸ ਅਤੇ ਧਰਮ ਦੇ ਮੁੱਢਲੇ ਸਿਧਾਂਤਾਂ ਤੋਂ ਦੂਰ ਜਾ ਰਹੇ ਹਨ। ਸਕੂਲ ਅਤੇ ਪਾਠਕ੍ਰਮਾਂ ਵਿੱਚ ਵੀ ਸਿੱਖਾਂ ਦੇ ਇਤਿਹਾਸਕ ਤੱਥਾਂ ਨੂੰ ਵੱਧ ਤਰਜੀਹ ਨਹੀਂ ਦਿੱਤੀ ਜਾ ਰਹੀ ਜਿਸ ਕਰਕੇ ਸਿੱਖ ਵਿਦਿਆਰਥੀਆਂ ਨੂੰ ਇਹ ਜਾਣਕਾਰੀ ਪੂਰੀ ਤਰ੍ਹਾਂ ਨਹੀਂ ਮਿਲ ਪਾ ਰਹੀ ਹੈ। ਸਿੱਖ ਪੰਥ ਦੀ ਵਿਰਾਸਤ ਸਿਰਫ ਪੁਰਾਣੀ ਕਹਾਣੀਆਂ ਨਹੀਂ ਹਨ. ਇਹ ਸਾਡੇ ਆਗਾਮੀ ਲਈ ਮਿਸਾਲਾਂ ਹਨ। ਜੇਕਰ ਅਸੀਂ ਆਪਣੇ ਸ਼ਹੀਦਾਂ ਅਤੇ ਉਹਨਾਂ ਦੀ ਵਿਰਾਸਤ ਨੂੰ ਭੁੱਲ ਗਏ, ਤਾਂ ਅਸੀਂ ਆਪਣੀ ਪਹਿਚਾਣ ਵੀ ਗੁਆ ਦੇਵਾਂਗੇ। ਇਸ ਲਈ ਹਾਲੇ ਵੀ ਸਮਾਂ ਹੈ ਕਿ ਅਸੀਂ ਆਪਣੇ ਮੂਲਾਂ ਨੂੰ ਮਜ਼ਬੂਤ ਕਰੀਏ ਅਤੇ ਆਪਣੀ ਅਮੀਰ ਵਿਰਾਸਤ ਨੂੰ ਸੁਰੱਖਿਅਤ ਕਰੀਏ।

## ਵਾਰਡ ਨੰਬਰ 3 ਤੋਂ ਜਿੱਤੇ ਐਮ ਸੀ ਹਰਮਨਦੀਪ ਕੌਰ ਦਾ

# ਨਰਿੰਦਰ ਕੌਰ ਭਰਾਜ ਨੇ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ

**ਸੰਗਰੂਰ, ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੇ ਹਰਮਨਦੀਪ ਕੌਰ ਨੇ 270 ਵੋਟਾਂ ਦੇ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਰਚਿਆ ਹੈ । ਇਸ ਮੌਕੇ ਖੁਸ਼ੀ ਨੂੰ ਦੁੱਗਣਾ ਕਰਨ ਦੇ ਲਈ ਭੈਣ ਨਰਿੰਦਰ ਕੌਰ ਭਰਾਜ ਐਮ ਐਲ ਏ ਸੰਗਰੂਰ ਨੇ ਚੋਣ ਜਿੱਤਣ ਦੀ ਖੁਸ਼ੀ ਵਿੱਚ ਨਵ ਨਿਯੁਕਤ ਐਮ ਸੀ ਹਰਮਨਦੀਪ ਕੌਰ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਦਾ ਇਜਹਾਰ ਕੀਤਾ ਗਿਆ ਅਤੇ ਮੁਬਾਰਕਵਾਦ ਦਿੱਤੀ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਮ ਸੀ ਹਰਮਨਦੀਪ ਕੌਰ ਨੇ ਕਿਹਾ ਕਿ ਉਹ ਮਹੱਲਾ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਮੇਰੇ ਨਿਮਾਣੀ ਜਿਹੀ ਸੇਵਕ ਦੇ ਲਈ ਦਿਨ ਰਾਤ ਮਿਹਨਤ ਕਰਕੇ ਦੂਸਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਨਕਾਰਿਆ ਹੈ ਅਤੇ ਮੈਂ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦੀ ਹਾਂ ਐਮਐਲਏ ਨਰਿੰਦਰ ਕੌਰ ਭਰਾਜ ਜਿਨਾਂ ਨੇ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਪਾਰਟੀ ਦੀ ਟਿਕਟ ਦੇ ਕੇ ਐਮਸੀ ਬਣਨ ਦੇ ਕਾਬਲ ਸਮਝਿਆ ਹੈ ਅਤੇ ਸੇਵਾ ਕਰਨ ਦਾ ਮੌਕਾ ਦਿੱਤਾ। ਇਸ ਮੌਕੇ ਉੱਘੇ ਸਮਾਜ ਸੇਵੀ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਹਾਜ਼ਰ ਸਨ।



# ਰਾਸਾ ਯੂਕੇ ਦੇ ਵਫਦ ਵੱਲੋਂ ਪੰਜਾਬ ਬੋਰਡ ਕਰਮਚਾਰੀ ਯੂਨੀਅਨ ਦੀ ਨਵ-ਨਿਯੁਕਤ ਪ੍ਰਧਾਨ ਰਮਨਦੀਪ ਕੌਰ ਗਿੱਲ ਨੂੰ ਕੀਤਾ ਸਨਮਾਨਿਤ



**ਚੌਂਕ ਮਹਿਤਾ, 22 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਅੱਜ ਰੈਕੋਗਨਾਈਜਡ ਐਫੀਲੀਏਸ਼ਨ ਸਕੂਲ ਐਸੋਸੀਏਸ਼ਨ ਪੰਜਾਬ ਰਾਸਾ ਯੂਕੇ ਦੇ ਵਫਦ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਯੂਨੀਅਨ ਦੀ ਪ੍ਰਧਾਨ ਸਤਿਕਾਰਯੋਗ ਸ੍ਰੀਮਤੀ ਰਮਨਦੀਪ ਕੌਰ ਗਿੱਲ ਅਤੇ ਉਨ੍ਹਾਂ ਦੀ ਟੀਮ ਜਿਸ ਵਿੱਚ ਸ੍ ਸੁਖਚੈਨ ਸਿੰਘ ਜਨਰਲ ਸਕੱਤਰ, ਗੌਰਵ ਸਾਪਲਾ ਪ੍ਰੈਸ ਸਕੱਤਰ, ਸ੍ਰੀ ਸੁਨੀਲ ਕੁਮਾਰ ਮਾਰਕੰਡਾ ਸਕੱਤਰ, ਸ੍ ਬਲਜਿੰਦਰ ਸਿੰਘ ਸੀਨੀ ਮੀਤ ਪ੍ਰਧਾਨ, ਸੁਨੀਤਾ ਥਿੰਦ, ਜਗਤਾਰ ਸਿੰਘ,ਗੁਰਇਕਬਾਲ ਸਿੰਘ,ਪਰਮਜੀਤ ਸਿੰਘ ਆਦਿ ਨੂੰ ਯੂਨੀਅਨ ਦੇ ਮੁੱਖ ਦਫ਼ਤਰ ਮੋਹਾਲੀ ਵਿੱਚ ਸਨਮਾਨਿਤ ਕੀਤਾ ਗਿਆ।ਰਾਸਾ ਯੂਕੇ ਦੇ ਜਨਰਲ ਸਕੱਤਰ ਪੰਜਾਬ ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ ਨੇ ਜਾਣਕਾਰੀ ਦੇਂਦੇ ਹੋਏ ਦੱਸਿਆ ਕਿ ਇਸ ਮੌਕੇ ਪ੍ਰਾਈਵੇਟ ਨਿੱਜੀ ਵਿਦਿਅਕ ਸੰਸਥਾਵਾਂ ਨੂੰ ਆ ਰਹੀਆਂ ਦਰਪੇਸ਼ ਮੁਸਕਿਲਾਂ ਜਿਵੇਂ ਫਾਈਰ ਸੇਫਟੀ ਸਰਟੀਫਿਕੇਟ, ਵਾਧੂ ਵਿਦਿਆਰਥੀਆਂ ਦੇ ਦਾਖਲੇ, ਸਕੂਲਾਂ ਵਿੱਚ ਕਿਤਾਬਾਂ ਦੀ ਵਿਕਰੀ ਤੇ ਰੋਕ,ਵਾਧੂ ਸੈਕਸ਼ਨ ਅਤੇ ਸੀ ਐਲ ਯੂ ਵਰਗੀਆਂ ਅਨੇਕਾਂ ਮੁਸਕਿਲਾਂ ਬਾਰੇ ਵਿਸਥਾਰ ਸਹਿਤ ਵਿਚਾਰ ਵਿਟਾਂਦਰਾ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਗਿੱਲ ਨੇ ਕਿਹਾ ਕਿ ਇਹਨਾਂ ਮੁਸਕਿਲਾਂ ਨੂੰ ਖਤਮ ਕਰਨ ਅਤੇ ਬੋਰਡ ਨੂੰ ਹੋਰ ਬਿਹਤਰ ਬਣਾਉਣ ਲਈ ਇੱਕਜੁੱਟਤਾ ਨਾਲ ਕੰਮ ਕੀਤਾ ਜਾਵੇਗਾ। ਇਸ ਸਮੇਂ ਪ੍ਰਿੰਸੀਪਲ ਰਵੀ ਕੁਮਾਰ ਪੰਜਾਬ ਪ੍ਰਧਾਨ ਰਾਸਾ ਯੂਕੇ ਨੇ ਆਪਣੀ ਐਸੋਸੀਏਸ਼ਨ ਵੱਲੋਂ ਬੋਰਡ ਦਾ ਸਾਥ ਦੇਣ ਦੀ ਸਹਿਮਤੀ ਪ੍ਰਗਟਾਈ ਗਈ ਇਸ ਮੌਕੇ ਪ੍ਰਿੰਸੀਪਲ ਐਚ ਐਸ ਕਠਾਨੀਆ ਵਾਈਸ ਚੇਅਰਮੈਨ ਪੰਜਾਬ, ਪ੍ਰਿੰਸੀਪਲ ਜਸਬੀਰ ਸਿੰਘ ਸੋਹਲ ਸਕੱਤਰ, ਪ੍ਰਿੰਸੀਪਲ ਰਘਬੀਰ ਸਿੰਘ ਘੁੰਮਣ ਪ੍ਰਧਾਨ ਕਪੂਰਥਲਾ, ਪ੍ਰਿੰਸੀਪਲ ਸ਼ਾਮਲਾਲ ਮਹਿਤਾ ਜਨਰਲ ਸਕੱਤਰ ਬਾਬਾ ਬਕਾਲਾ, ਪ੍ਰਿੰਸੀਪਲ ਵਿਕਰਮ ਗੁਪਤਾ ਵਾਇਸ ਪ੍ਰਧਾਨ ਅੰਮ੍ਰਿਤਸਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

# ਸੀ ਬੀ ਡੀ ਬੇਲਾਪੁਰ ਵਿਖੇ ਚਾਰ ਸਾਹਿਬਜ਼ਾਦਿਆ ਅਤੇ ਮਾਤਾ ਗੁਜਰੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਕਰਵਾਇਆ ਸਮਾਗਮ



**ਚੌਂਕ ਮਹਿਤਾ, 22 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੀ ਬੀ ਡੀ ਬੇਲਾਪੁਰ ਦੇ ਬੱਚਿਆਂ ਵੱਲੋਂ ਸ਼ਹੀਦ ਸਿੰਘਾਂ, ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਗੁਰਦੁਆਰਾ ਸਿੰਘ ਸਭਾ ਸੀ ਬੀ ਡੀ ਬੇਲਾਪੁਰ ਨਵੀਂ ਮੁੰਬਈ ਦੇ ਲੰਗਰ ਹਾਲ ਵਿਖੇ ਕਰਵਾਇਆ ਗਿਆ ਜਾਣਕਾਰੀ ਦਿੰਦੇ ਹੋਏ ਮਲਕੀਤ ਸਿੰਘ ਬੱਲ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਦੱਸਿਆ ਕਿ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਅਤੇ ਮਨੁੱਖਤਾ ਦੀ ਸੇਵਾ ਲਈ ਆਪਣਾ ਸਾਰਾ ਪਰਿਵਾਰ ਵਾਰਿਆ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਲੋ ਕੀਤੀਆਂ ਕੁਰਬਾਨੀਆਂ ਤੇ ਚਾਨਣਾ ਪਾਉਂਦਿਆਂ ਵਿਦਿਅਰਥੀਆ ਨੂੰ ਕੌਮ ਅਤੇ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਮਹਾਰਾਸ਼ਟਰ ਸਰਕਾਰ ਬਾਰੇ ਬੋਲਦਿਆ ਕਿਹਾ ਕਿ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਐਗਜ਼ਿਕਊਟਿਵ ਚੇਅਰਮੈਨ ਵਜੋਂ ਮੈਨੂੰ ਸੰਗਤ ਨੂੰ ਸੰਬੋਧਨ ਕਰਨ ਦਾ ਸਤਿਕਾਰ ਪ੍ਰਾਪਤ ਹੋਇਆ ਹੈ ਜਿਸ ਦਾ ਉਨ੍ਹਾਂ ਨੇ ਧੰਨਵਾਦ ਕੀਤਾ ਅਤੇ ਕਿਹਾ ਕਿ ਮੈਂ ਬੱਚਿਆਂ ਦੇ ਪ੍ਰੇਰਣਾਦਾਇਕ ਪ੍ਰਦਰਸ਼ਨ ਅਤੇ ਸਾਡੇ ਸ਼ਹੀਦਾਂ ਲਈ ਕੀਤੀ ਗਈ ਕੁਰਬਾਨੀ ਤੋਂ ਬਹੁਤ ਪ੍ਰਭਾਵਿਤ ਹੋਇਆ ਇਹ ਉਨ੍ਹਾਂ ਦੇ ਸਾਡੇ ਵਿਰਸੇ ਅਤੇ ਕੁਰਬਾਨੀਆਂ ਲਈ ਗਹਿਰੇ ਸਤਿਕਾਰ ਦੀ ਭਾਵਨਾ ਨੂੰ ਦਰਸਾਉਂਦਾ ਹੈ ਸਮਾਗਮ ਦੌਰਾਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, 11 ਮੈਂਬਰ ਸਿੱਖ ਕੋਆਰਡੀਨੇਸ਼ਨ ਕਮੇਟੀ, ਅਤੇ ਘੱਟ ਗਿਣਤੀ ਕਮਿਸ਼ਨ, ਮਹਾਰਾਸ਼ਟਰ ਸਰਕਾਰ ਦੇ ਆਉਣ ਵਾਲੀਆ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਹ ਯੋਜਨਾਵਾਂ ਸਾਡੇ ਸਮੁਦਾਇਕ ਵਿਰਸੇ ਨੂੰ ਸੰਭਾਲਣ ਅਤੇ ਮਜਬੂਤ ਕਰਨ ਲਈ ਨਿਰਧਾਰਤ ਹਨ ਮਹਾਰਾਸ਼ਟਰ ਸਰਕਾਰ ਬਾਰੇ ਸਮਾਗਮ ਦੇ ਆਯੋਜਕਾਂ, ਸੰਗਤ ਅਤੇ ਖ਼ਾਸ ਕਰਕੇ ਬੱਚਿਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਇਸ ਸਮਾਗਮ ਨੂੰ ਯਾਦਗਾਰ ਬਣਾਇਆ। ਇਹ ਮੇਰੇ ਲਈ ਸ਼ਰਧਾਂਜਲੀ ਅਰਪਿਤ ਕਰਨ ਅਤੇ ਗੁਰੂ ਮਹਾਰਾਜ ਦੀਆਂ ਬਖਸ਼ੀਸ਼ਾਂ ਦੇ ਅਨੁਭਵ ਦਾ ਮੌਕਾ ਸੀ ਸਾਡੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰੀਏ ਅਤੇ ਇਸ ਵਿਰਸੇ ਨੂੰ ਭਵਿੱਖ ਦੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਯਤਨ ਕਰੀਏ ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਫਾਇਬ ਜੀ ਟਾਵਰ ਦੇ ਵਿਰੋਧ ਚ ਮਹੱਲਾ ਨਿਵਾਸੀਆਂ ਨੇ ਲਾਇਆ ਧਰਨਾ

ਧੂਰੀ ( ਰਣਜੀਤ ਸਿੰਘ ਪੇਧਨੀ ) ਨਾਨਕਸਰ ਗੁਰਦੁਆਰਾ ਸਾਹਿਬ ਦੀ ਬੈਕ ਸਾਈਡ ਤੇ ਇੱਕ ਪ੍ਰਾਈਵੇਟ ਕੰਪਨੀ ਵੱਲੋਂ ਫਾਇਬ ਜੀ ਟਾਵਰ ਲਗਾਇਆ ਜਾ ਰਿਹਾ ਹੈ ਜਿਸ ਦਾ ਮਹੱਲਾ ਨਿਵਾਸੀਆਂ ਵੱਲੋਂ ਡੱਟ ਕੇ ਵਿਰੋਧ ਕੀਤਾ ਜਾ ਰਿਹਾ ਹੈ। ਮਹੱਲਾ ਨਿਵਾਸੀਆਂ ਵੱਲੋਂ ਟਾਵਰ ਨਾ ਲਗਾਏ ਜਾਣ ਤੇ ਟਾਵਰ ਵਾਲੀ ਜਗ੍ਹਾ ਤੇ ਧਰਨਾ ਦਿੱਤਾ ਗਿਆ।ਧਰਨੇ ਨੂੰ ਵੱਖ ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਅਸੀਂ ਸਰਕਾਰ ਅਤੇ ਪ੍ਰਸ਼ਾਸਨ ਅਧਿਕਾਰੀਆਂ ਤੋਂ ਮੰਗ ਕਰਦੇ ਹਾਂ ਕਿ ਇਸ ਪ੍ਰਾਈਵੇਟ ਕੰਪਨੀ ਦੇ ਟਾਵਰ ਨੂੰ ਨਾ ਲਗਾਇਆ ਜਾਵੇ ਕਿਉਂਕਿ ਇਹ ਵਸੋਂ ਵਾਲਾ ਇਲਾਕਾ ਹੈ। ਇਸ ਦੀਆਂ ਕਿਰਨਾ ਦਾ ਬੱਚਿਆਂ, ਬਜ਼ੁਰਗਾਂ, ਪੰਛੀਆਂ, ਹਰ ਇੱਕ ਤੇ ਮਾੜਾ ਅਸਰ ਪਵੇਗਾ। ਇਸ ਮੌਕੇ ਮਹੱਲਾ ਨਿਵਾਸੀ ਜੋਗਿੰਦਰ ਸਿੰਘ ਖਾਲਸਾ ਤੋਂ ਇਲਾਵਾ ਮਹੱਲਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।







### ਪੰਜਾਬ ਦੀ ਮਾਨ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੇ ਬਚਾਉਣ ਲਈ ਬਚਨਵੱਧ ਚੇਅਰਮੈਨ ਘੁੱਲੀ

# ਪਿੰਡ ਈਸੀ ਵਿਖੇ ਕ੍ਰਿਕਟ ਟੂਰਨਾਮੈਂਟ ਤੇ ਲਵਾਈ ਹਾਜਰੀ ਪੰਚਾਇਤ ਨੇ ਦਿੱਤਾ ਮੰਗ ਪੱਤਰ

**ਧੂਰੀ, ( ਰਣਜੀਤ ਸਿੰਘ ਪੇਧਨੀ )**-ਇਥੋਂ ਨੇੜਲੇ ਪਿੰਡ ਈਸੀ ਵਿਖੇ ਸਮੂਹ ਗਰਾਮ ਪੰਚਾਇਤ, ਕਲੱਬ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਵਜੋਂ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਕੈਂਪਸ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭਿਆਨਿਕ ਬਿਮਾਰੀ ਤੋਂ ਬਚਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਉਹਨਾਂ ਕਿਹਾ ਕਿ ਹੁਣ ਪੰਚਾਇਤਾਂ ਨਵੀਆਂ ਚੁਣੀਆਂ ਜਾ ਚੁੱਕੀਆਂ ਹਨ।ਨੌਜਵਾਨ ਪਿੰਡਾਂ ਦੇ ਸਰਪੰਚ ਬਣੇ ਹਨ ਸੋ ਆਪਾਂ ਨੂੰ ਸਾਰਿਆਂ ਨੂੰ ਮਿਲ

ਆਵਾਜ਼ਿ ਕੌਮ AWAZE QAUM International Newspaper & WEB TV

ਕੇ ਪੰਚਾਇਤ ਦਾ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਜੋ ਪਿੰਡਾਂ ਚੋਂ ਨਸਿਆਂ ਦੇ ਖਿਲਾਫ ਮਤੇ ਪਾ ਕੇ ਭੇਜੇ ਜਾਣ ਅਤੇ ਉਸ ਤੇ ਅਮਲ ਕੀਤਾ ਜਾ ਸਕੇ ਤਾਂ ਜੋ ਆਪਾਂ ਆਉਣ ਵਾਲੀ ਪੀੜੀ, ਪੰਜਾਬ ਦੀ ਕਿਸਾਨੀ ਅਤੇ ਜਵਾਨੀ ਨੂੰ ਬਚਾ ਸਕੀਏ। ਇਸ ਮੌਕੇ ਸਰਪੰਚ ਬਲਵੀਰ ਸਿੰਘ ਈਸੀ, ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ, ਸਰਪੰਚ ਜਸਬੀਰ ਦਾਸ ਢਢੋਗਲ ਜਰਨਲ ਸਕੱਤਰ ਪੰਚਾਇਤ ਯੂਨੀਅਨ ਬਲਾਕ ਧੂਰੀ, ਨੰਬਰਦਾਰ ਰਜਿੰਦਰ ਸਿੰਘ ਸੰਧੂ, ਸਰਪੰਚ ਲਾਲੀ ਬੰਗਾਵਾਲੀ,ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਕੁਲਵਿੰਦਰ ਸਿੰਘ ਸਿੱਧੂ, ਆਪ ਆਗੂ ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।









CELEBRATING THE LIFE OF

# Surjit Kaur SAHOTA

17th January 1930 - 17th December 2024



ਆਵਾਜ਼ਿ ਕੌਮ AWAZE QAUM International Newspaper & WEB TV

**Funeral Notice**

## MONDAY 30TH DECEMBER 2024

**8.00am - 8.45am - Antim Ardaas and Darshan**

375 London Road, Stoneygate,
Leicester LE2 3JT

**9.30am - Crematorium Service**

Great Glen Crematorium, 9 London Rd,
Great Glen, Leicester LE8 9DJ

**10.15am - Bhog, Ardaas and Langar**

Guru Amar Das Gurdwara,
219 Clarendon Park Rd, Leicester LE2 3AN




### ਪਿੰਡ ਲੇਲੇਵਾਲਾ ਵਿੱਚ ਭਾਕਿਯੂ ਏਕਤਾ ਉਗਰਾਹਾਂ ਅਤੇ ਪੁਲਿਸ ਵਿੱਚ ਬਣਿਆ ਰਿਹਾ ਸਾਰਾ ਦਿਨ ਤਣਾਅ

# ਕਿਸਾਨਾਂ ਦੇ ਸਮਝੌਤੇ ਨੂੰ ਲਾਗੂ ਕਰਵਾਉਣ ਲਈ ਪਿੰਡ ਲੇਲੇਵਾਲਾ ਵਿੱਚ ਕੀਤਾ ਭਾਕਿਯੂ ਏਕਤਾ ਉਗਰਾਹਾਂ ਨੇ ਰੋਸ ਪ੍ਰਦਰਸ਼ਨ

## ਆਖਰ ਜ਼ਿਲ੍ਹੇ ਦੇ ਏ.ਡੀ.ਸੀ ਆਰਪੀ ਸਿੰਘ ਨੇ ਕੋਰਟ ਵੱਲੋਂ ਕੀਤੇ ਫੈਸਲੇ ਅਨੁਸਾਰ ਕੰਪਨੀ ਤੋਂ ਪੂਰਾ ਮੁਆਵਜ਼ਾ ਦਵਾਉਣ ਦਾ ਭਰੋਸਾ ਦਵਾ ਕੇ ਕਿਸਾਨਾਂ ਨੂੰ ਸ਼ਾਂਤ ਕੀਤਾ ਜਿਸ ਤੇ ਕਿਸਾਨਾਂ ਨੇ ਧਰਨੇ ਨੂੰ ਉਠਾ ਦਿੱਤਾ



ਤਲਵੰਡੀ ਸਾਬੋ, 22 ਦਸੰਬਰ (ਗੁਰਜੰਟ ਸਿੰਘ ਨਥੇਹਾ)– ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਲੇਲੇਵਾਲਾ ਅੱਜ ਫਿਰ ਉਸ ਸਮੇਂ ਤਨਾਅ ਪੈਦਾ ਹੋ ਗਿਆ ਜਦੋਂ ਗੁਜਰਾਤ ਦੀ ਗੈਸ ਪਾਈਪ ਪਾਉਣ ਵਾਲੀ ਕੰਪਨੀ ਕਿਸਾਨਾਂ ਨੂੰ ਬਿਨਾਂ ਦੱਸੇ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਦੀ ਆੜ ਹੇਠ ਪਾਈਪ ਪਾਉਣ ਲੱਗ ਪਈ ਭਾਵੇਂ ਪੁਲਿਸ ਨੇ ਤਲਵੰਡੀ ਸਾਬੋ ਦੇ ਆਸ ਪਾਸ ਦੇ ਪਿੰਡਾਂ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕੀਤਾ ਹੋਇਆ ਸੀ ਪਰ ਫਿਰ ਵੀ ਭਾਕਿਯੂ ਏਕਤਾ ਉਗਰਾਹਾਂ ਦੇ ਆਗੂ ਤੇ ਕਿਸਾਨ ਵੱਡੀ ਗਿਣਤੀ ਵਿੱਚ ਲੇਲੇਵਾਲਾ ਵਿੱਚ ਪਹੁੰਚ ਗਏ ਤੇ ਉਨਾਂ ਨੇ



ਨੱਤ ਨੂੰ ਜਾਣ ਵਾਲੀ ਸੜਕ ਤੇ ਧਰਨਾ ਲਗਾ ਦਿੱਤਾ ਤੇ ਜਿਸ ਥਾਂ ਤੇ ਪਾਈਪ ਪੈ ਰਹੀ ਸੀ ਉਸ ਨੂੰ ਰੁਕਵਾਉਣ ਲਈ ਉਹ ਪੁਲਿਸ ਪ੍ਰਸ਼ਾਸਨ ਨਾਲ ਸਾਰਾ ਦਿਨ ਤਨਾਅ ਪੂਰਨ ਮਾਹੌਲ ਵਿੱਚ ਰਹੇ ਇਸ ਸਬੰਧੀ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਅਤੇ ਹਰਜਿੰਦਰ ਸਿੰਘ ਬੱਗੀ ਨੇ ਦੱਸਿਆ ਕਿ ਕਿਸਾਨਾਂ ਦੀਆਂ ਜਮੀਨਾਂ ਵਿੱਚ ਪਾਈਪਾਂ ਪਾਉਣ ਨੂੰ ਲੈ ਕੇ ਇੱਕ ਲਿਖਤੀ ਸਮਝੌਤਾ ਹੋਇਆ ਹੈ ਜਿਸ ਤਹਿਤ ਜਿਸ ਜਮੀਨ ਵਿੱਚ ਪਾਈਪ ਲਾਇਨ ਪਾਈ ਜਾ ਰਹੀ ਹੈ ਉਸ ਕਿਸਾਨ ਨੂੰ 24 ਲੱਖ ਰੁਪਏ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ ਪਰ ਪੁਲਿਸ ਪ੍ਰਸ਼ਾਸਨ ਕਿਸਾਨਾਂ ਦੀਆਂ ਜਮੀਨਾਂ ਜਬਰੀ ਖੁਹਾ ਰਿਹਾ ਹੈ ਜਦੋਂ ਕਿ ਬਠਿੰਡਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸਮੇਤ ਸਮੂਹ ਪ੍ਰਸ਼ਾਸਨ ਅਤੇ ਗੁਜਰਾਤ ਕੰਪਨੀ ਦੇ ਅਗਲੇਰੀ ਕਤਾਰ ਦੇ ਮੁਲਾਜ਼ਮਾਂ ਨਾਲ ਬਹਿ ਕੇ ਟੇਬਲ ਤੇ ਮੀਟਿੰਗ ਹੋਈ ਸੀ ਕਿ ਕਿਸਾਨਾਂ ਨੂੰ ਪ੍ਰਤੀ ਏਕੜ 24 ਲੱਖ ਰੁਪਈਏ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ ਪਰ ਕੰਪਨੀ ਪੰਜਾਬ ਸਰਕਾਰ ਦੀ ਸ਼ਿਹ ਤੇ ਕਿਸਾਨਾਂ ਨੂੰ ਮੁਆਵਜ਼ਾ ਦੇਣ ਲਈ ਤਿਆਰ ਨਹੀਂ ਹੈ ਤੇ ਹੁਣ ਵੀ ਕਿਸਾਨਾਂ ਨਾਲ ਲੇਲੇਵਾਲਾ ਦੇ ਕਿਸਾਨਾਂ ਨੂੰ ਬਿਨ ਮੁਆਵਜ਼ਾ ਦਿੱਤੇ ਹੋਏ ਗੈਸ ਪਾਈਪ ਲਾਈਨ ਪਾਈ ਜਾ ਰਹੀ ਹੈ ਕਿਸੇ ਸਾਜਿਸ਼ ਤਹਤ ਪੁਲਿਸ ਪ੍ਰਸ਼ਾਸਨ ਨੂੰ ਕਿਸਾਨਾਂ ਨਾਲ ਭਿੜਾ ਰਹੇ ਹਨ ਪਰ ਅਸੀਂ ਕਿਸਾਨਾਂ ਨੂੰ ਜੋ ਸਮਝੌਤਾ ਬਠਿੰਡੇ ਦੇ ਡਿਪਟੀ ਕਮਿਸ਼ਨਰ ਵੱਲੋਂ 24 ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਕਿਸਾਨਾਂ ਨਾਲ ਲਿਖਤੀ ਕੀਤਾ ਹੈ ਉਸ ਨੂੰ ਲਾਗੂ ਕਰਵਾ ਕੇ ਹੀ ਰਹਾਂਗੇ ਇਸ ਲਈ ਭਾਵੇਂ ਸਾਨੂੰ ਕਿੰਨਾ ਵੀ ਸੰਘਰਸ਼ ਤਿੱਖਾ ਕਿਉਂ ਨਾ ਕਰਨਾ ਪਵੇ। ਕਿਸਾਨਾਂ ਦੇ ਸੰਘਰਸ਼ ਨੂੰ ਦੇਖਦੇ ਹੋਏ ਜ਼ਿਲ੍ਹੇ ਦੇ ਅਡੀਸ਼ਨਲ ਡਿਪਟੀ ਕਮਿਸ਼ਨਰ ਸ੍ਰੀ ਆਰਪੀ ਸਿੰਘ ਸਮੇਤ ਬਠਿੰਡਾ ਜਿਲੇ ਦੇ ਐਸ.ਪੀ ਸ੍ਰੀ ਨਰਿੰਦਰ ਸਿੰਘ ਤਲਵੰਡੀ ਸਾਬੋ ਦੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਜਿਸ ਵਿੱਚ ਭਲਕੇ ਗੁਜਰਾਤ ਦੀ ਕੰਪਨੀ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਕਰਵਾ ਕੇ ਕਿਸਾਨਾਂ ਨੂੰ ਸਮਝੌਤੇ ਤਹਿਤ ਮੁਆਵਜ਼ਾ ਦਿਵਾਇਆ ਜਾਵੇਗਾ। ਜਿਸ ਲਈ ਗਾਂਧੀ ਨਗਰ ਤੋਂ ਕੰਪਨੀ ਦੇ ਅਧਿਕਾਰੀਆਂ ਨੂੰ ਬੁਲਾ ਲਿਆ ਗਿਆ ਹੈ। ਜਿਸ ਵਿੱਚ ਕਿਸਾਨਾਂ ਦੇ ਮੁਆਵਜ਼ਾ ਦੇਣ ਸਬੰਧੀ ਵਿਚਾਰਾਂ ਕੀਤੀਆਂ ਜਾਣਗੀਆਂ ਭਾਵੇਂ ਇੱਕ ਵਾਰ ਕਿਸਾਨ ਇਸ ਨਾਲ ਸਹਿਮਤ ਹੋ ਗਏ ਹਨ ਜਿਸ ਦਾ ਭਰੋਸਾ ਅਡੀਸ਼ਨਲ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਦੇ ਧਰਨੇ ਵਿੱਚ ਦਿੱਤਾ ਜਿਸ ਤੋਂ ਬਾਅਦ ਕਿਸਾਨਾਂ ਨੇ ਇੱਕ ਵਾਰ ਆਪਣਾ ਧਰਨਾ ਪਿੰਡ ਲੈਲੇਵਾਲਾ ਤੋਂ ਚੁੱਕ ਲਿਆ ਹੈ ਤੇ ਜਿਲ੍ਹਾ ਪ੍ਰਸ਼ਾਸਨ ਨੇ ਸੁਖ ਦਾ ਸਾਹ ਲਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




### ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਗੜ੍ਹੀ ਚਮਕੌਰ ਸਾਹਿਬ ਵਿਖੇ

# ਸਲਾਨਾ ਸ਼ਹੀਦੀ ਦਿਹਾੜਾ ਮਨਾਇਆ : ਜਥੇਦਾਰ ਬਾਬਾ ਮੇਜਰ ਸਿੰਘ ਸੋਢੀ

**ਜੰਡਿਆਲਾ ਗੁਰੂ 22 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਅੱਜ ਦੇ ਦਿਨ 8 ਪੋਹ 22 ਦਸੰਬਰ ਨੂੰ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਦੇ ਨਾਲ ਨਾਲ ਗੁਰੂ ਗੋਬਿੰਦ ਸਿੰਘ ਜੀ ਦੇ ਮੁੱਖ ਜਰਨੈਲ ਬਾਬਾ ਜੀਵਨ ਸਿੰਘ ਜੀ ( ਭਾਈ ਜੈਤਾ) ਜੀ ਅਤੇ ਹੋਰ ਸਿੰਘ ਸ਼ਹੀਦ ਹੋ ਗਏ, ਇਸ ਕੱਚੀ ਗੜ੍ਹੀ ਚਮਕੌਰ ਸਾਹਿਬ ਵਿਖੇ ਜਿਥੇ ਵੱਡੇ ਸਾਹਿਬਜ਼ਾਦੇ ਦੇ ਸ਼ਹੀਦੀ ਦਿਹਾੜੇ ਸਬੰਧੀ ਵੱਡੇ ਧਾਰਮਿਕ ਦੀਵਾਨ ਲਗਾਏ ਗਏ ਉਥੇ ਸ਼ਹੀਦ ਬਾਬਾ ਜੀਵਨ ਸਿੰਘ ਭਾਈ ਜੈਤਾ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਾਹਿਬ ਵਿਖੇ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਸਲਾਨਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਜਿਸ ਵਿੱਚ ਵਿਸ਼ੇਸ਼ ਤੌਰ ਤੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਮੁੱਖੀ ਮਾਲਵਾ ਤਰਨਾ ਦਲ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ ਵਾਲੇ, ਜਥੇਦਾਰ ਬਾਬਾ ਰਾਜਾ ਰਾਜ ਸਿੰਘ, ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ ਸਿੰਘ ਤੋਂ ਇਲਾਵਾ ਤਪ ਅਸਥਾਨ ਸ਼ਹੀਦ ਬਾਬਾ ਜੀਵਨ ਸਿੰਘ ਜੀ ਅਨੰਦਪੁਰ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਤੀਰਥ ਸਿੰਘ, ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਦੇ ਪ੍ਰਬੰਧਕ ਆਦਿ ਆਗੂ ਹਾਜ਼ਰ ਹੋਏ ਅਤੇ ਵੱਡਾ ਧਾਰਮਿਕ ਦੀਵਾਨ ਸਜਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਨੇ ਹਾਜ਼ਰੀ ਲਵਾਈ ਅਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜੀਵਨ ਇਤਿਹਾਸ ਤੇ ਸ਼ਹਾਦਤ ਸਬੰਧੀ ਵਿਸਥਾਰ ਨਾਲ ਸੰਗਤਾਂ ਨੂੰ ਚਾਨਣਾ ਪਾਇਆ, ਸਨਮਾਨ ਯੋਗ ਹਸਤੀਆਂ ਦਾ ਪ੍ਰਬੰਧਕਾ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਹਰ ਸਾਲ ਦੀ ਤਰ੍ਹਾਂ ਸ਼ਹੀਦੀ ਦਿਹਾੜੇ ਸਬੰਧੀ ਗੁਰਦੁਆਰਾ ਗੜ੍ਹੀ ਸਾਹਿਬ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ



ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਤੋਂ ਇਲਾਵਾ ਧਾਰਮਿਕ ਖੇਤਰ ਵਿੱਚ ਸਰਗਰਮ ਸੰਤਾਂ ਮਹਾਪੁਰਸ਼ਾਂ ਨੇ ਹਾਜ਼ਰੀ ਲਵਾਈ ਅਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਜੀਵਨ ਇਤਿਹਾਸ ਤੇ ਸ਼ਹਾਦਤ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ, ਇਸ ਮੌਕੇ ਤੇ ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਤੇ ਬਾਬਾ ਜੁਝਾਰ ਸਿੰਘ ਜੀ ਦੇ ਨਾਲ ਨਾਲ ਚਮਕੌਰ ਗੜ੍ਹੀ ਦੇ ਸਮੂਹ ਸ਼ਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ ਕਰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫਤਿਹ ਸਿੰਘ ਜੀ ਦੇ ਸ਼ਹੀਦੀ ਸਮਾਗਮ ਵਿੱਚ ਪ੍ਰਵਾਰਾਂ ਸਮੇਤ ਫਤਿਹ ਗੜ ਸਾਹਿਬ ਵਿਖੇ ਪਹੁੰਚ ਕੇ ਆਪਣਾ ਮਨੁੱਖੀ ਜੀਵਨ ਸਫ਼ਲ ਬਣਾਉਣ ਦੀ ਲੋੜ ਤੇ ਜ਼ੋਰ ਦੇਣ ਦੀ ਬੇਨਤੀ ਕੀਤੀ ।ਸਮੂਹ ਧਾਰਮਿਕ ਬੁਲਾਰਿਆਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

# ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਕੌਰ ਜੀ ਦੀ ਕੁਰਬਾਨੀ ਮਨੁੱਖਤਾ ਦੇ ਇਤਿਹਾਸ ’ਚ ਲਾਮਿਸਾਲ ਕੁਰਬਾਨੀ ਹੈ : ਸੰਤ ਬਾਬਾ ਭਰਭੂਰ ਸਿੰਘ ਸੇਖਾਂ ਜਲੂਰ ਵਾਲੇ

ਬਰਨਾਲਾ ( ਰਣਜੀਤ ਸਿੰਘ ਪੇਧਨੀ ) ਸਾਹਿਬਜ਼ਾਦਿਆਂ ਦੀ ਮਹਾਨ ਤੇ ਅਦੁੱਤੀ ਲਾਸਾਨੀ ਕੁਰਬਾਨੀ ਮਨੁੱਖਤਾ ਨੂੰ ਜਬਰ- ਜ਼ੁਲਮ, ਦਮਨ ਤੇ ਬੇਇਨਸਾਫ਼ੀ ਖਿਲਾਫ ਜੂਝਣ ਲਈ ਪ੍ਰੇਰਿਤ ਕਰਦੀ ਰਹੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਸਿੰਘ ਜੀ ਮੋਨੀ ਮਹਾਰਾਜ ਜੀ ਦੇ ਤਪ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਭਰਭੂਰ ਸਿੰਘ ਸੇਖਾਂ ਜਲੂਰ ਵਾਲਿਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸਮੁੱਚੀ ਦੁਨੀਆ ਛੋਟੇ ਸਾਹਿਬਜ਼ਾਦਿਆਂ ਦੇ ਮਹਾਨ ਬਲੀਦਾਨ ਅੱਗੇ ਸਿਰ ਝੁਕਾ ਰਹੀ ਹੈ, ਜਿਸ ਦੀ ਵਿਸ਼ਵ ਦੇ ਇਤਿਹਾਸ ’ਚ ਕੋਈ ਹੋਰ ਮਿਸਾਲ ਨਹੀਂ ਹੈ।ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਕੁਰਬਾਨੀ ਮਨੁੱਖਤਾ ਦੇ ਇਤਿਹਾਸ ’ਚ ਲਾਮਿਸਾਲ ਕੁਰਬਾਨੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਇਕ ਪਾਸੇ ਲੱਖਾਂ ਦੀ ਗਿਣਤੀ ’ਚ ਸੰਗਤ ਛੋਟੇ ਸਾਹਿਬਜ਼ਾਦਿਆਂ ਨੂੰ ਨਮਨ ਕਰਨ ਲਈ ਫਤਹਿਗੜ੍ਹ ਸਾਹਿਬ ਵਿਖੇ ਜਾ ਰਹੀ ਹੈ, ਉੱਥੇ ਹੀ ਪੰਜਾਬੀਆਂ ਵੱਲੋਂ ਇਹ ਮਹੀਨਾ ਸੋਗ ਦੇ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਅਜੀਤ ਸਿੰਘ, ਜੁਝਾਰ ਸਿੰਘ ਅਤੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਨੇ ਨਿੱਕੀ ਉਮਰੇ ਸ਼ਹੀਦੀ ਪ੍ਰਾਪਤ ਕਰ ਕੇ ਸਰਹਿੰਦ ਦੇ ਸੂਬੇ ਦੇ ਅੱਤਿਆਚਾਰ ਖਿਲਾਫ ਆਪਣੀ ਆਵਾਜ਼ ਨੂੰ ਬੁਲੰਦ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਵੱਡੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ

# ਦਿੱਲੀ ਗੁਰਦੁਆਰਾ ਕਮੇਟੀ ਨੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ




**ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਮ ਪਿਤਾ ਸਾਹਿਬ ਏ ਕਮਾਲ ਸ੍ਰੀ ਗੋਬਿੰਦ ਸਿੰਘ ਸਾਹਿਬ ਜੀ ਦੇ ਵੱਡੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਦੇ ਪ੍ਰਬੰਧ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਦੀਵਾਨ ਸਜਾਏ ਗਏ ਤੇ ਮੁੱਖ ਸਮਾਗਮ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਹੋਇਆ ਜਿਥੇ ਕੀਰਤਨ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਤੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਇਤਿਹਾਸ ਨਾਲ ਜੋੜਨ ਦਾ ਯਤਨ ਕੀਤਾ। ਇਸ ਮੌਕੇ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਸਾਹਿਬਜ਼ਾਦਿਆਂ ਨੂੰ ਸ਼ਹਾਦਤਾਂ ਦੀ ਗੁੜਤੀ ਆਪਣੇ ਦਾਦਾ ਜੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੋਂ ਗੁੜਤੀ ਵਿਚ ਮਿਲੀ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੇ ਇਸ ਦੇਸ਼ ਦਾ ਨਵਾਂ ਇਤਿਹਾਸ ਰਚਿਆ ਤੇ ਇਸ ਦੇਸ਼ ਵਿਚ ਅਮਨ ਸ਼ਾਂਤੀ ਬਰਕਰਾਰ ਰੱਖੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਚਾਰਾਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਕੇ ਇਹ ਦੱਸਿਆ ਕਿ ਸਿੱਖ ਕੌਮ ਸ਼ਹਾਦਤਾਂ ਦੇ ਕੇ ਵੀ ਮਨੁੱਖਤਾ ਨਾਲ ਖੜ੍ਹੀ ਹੁੰਦੀ ਹੈ। ਉਹਨਾਂ ਕਿਹਾ ਕਿ ਪਰਸੋਂ ਰੋਜ਼ ਤੋਂ ਪਰਿਵਾਰ ਵਿਛੋੜੇ ਦਾ ਸ਼ਹੀਦੀ ਦਿਹਾੜਾ ਮਨਾਉਣ ਦੀ ਸ਼ੁਰੂਆਤ ਹੋਈ ਹੈ ਤੇ 27 ਦਸੰਬਰ ਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਇਹ ਸ਼ਹੀਦੀ ਸਪਤਾਹ ਪੂਰਾ ਹੋਵੇਗਾ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਕਿਹਾ ਕਿ ਇਨ ਪੁਤਰਨ ਕੇ ਸੀਸ ਪਰ ਵਾਰ ਦੀਏ ਸੁੱਤ ਚਾਰ, ਚਾਰ ਮੂਏ ਤੋ ਕਿਆ ਹੂਆ ਜੀਵਤ ਕਈ ਹਜ਼ਾਰ। ਇਸ ਤਰੀਕੇ ਗੁਰੂ ਸਾਹਿਬ ਨੇ ਕੌਮ ਤੇ ਮਨੁੱਖਤਾ ਵਾਸਤੇ ਆਪਣੇ ਸਾਹਿਬਜ਼ਾਦੇ ਕੁਰਬਾਨ ਕਰਨ ਤੋਂ ਵੀ ਪੈਰ ਪਿਛਾਂਹ ਨਹੀਂ ਖਿੱਚੇ। ਉਹਨਾਂ ਕਿਹਾ ਕਿ ਅਸੀਂ ਨੌਜਵਾਨਾਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਉਹਨਾਂ ਨੂੰ ਗੁਰੂ ਵਾਲੇ ਬਣਾਈਏ ਤਾਂ ਹੀ ਅਸੀਂ ਗੁਰਸਿੱਖੀ ਜੀਵਨ ਵਿਚ ਸਫਲ ਹੋਵਾਂਗੇ। ਉਹਨਾਂ ਕਿਹਾ ਕਿ ਬੱਚਿਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਵਾਸਤੇ ਸਭ ਤੋਂ ਵੱਡੀ ਭੂਮਿਕਾ ਮਾਂ ਦੀ ਹੁੰਦੀ ਹੈ ਪਰ ਨਾਲ ਹੀ ਜ਼ਿੰਮੇਵਾਰੀ ਪਿਓ ਦੀ ਵੀ ਹੁੰਦੀ ਹੈ। ਉਹਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਗੁਰਮਤਿ ਦੇ ਕੈਂਪ ਲਗਾਉਣ ਸਮੇਤ ਅਨੇਕਾਂ ਯਤਨ ਕਰ ਰਹੀ ਹੈ ਕਿ ਬੱਚੇ ਗੁਰਮਤਿ ਨਾਲ ਜੁੜਨ। ਉਹਨਾਂ ਕਿਹਾ ਕਿ ਜਦੋਂ ਬੱਚੇ ਗੁਰਮਤਿ ਜੀਵਨ ਨਾਲ ਜੁੜ ਗਏ ਤਾਂ ਫਿਰ ਕਦੇ ਵੀ ਨਸ਼ਿਆਂ ਵੱਲ ਰੁਖ਼ ਨਹੀਂ ਕਰਨਗੇ ਤੇ ਨਾ ਹੀ ਪਤਿਤਪੁਣੇ ਵੱਲ ਮੂੰਹ ਕਰਨਗੇ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਪਤਿਤਪੁਣੇ ਤੇ ਨਸ਼ਿਆਂ ਦੀ ਲਹਿਰ ਪੰਜਾਬ ਤੋਂ ਸ਼ੁਰੂ ਹੋਈ ਹੈ ਪਰ ਦਿੱਲੀ ਵਿਚ ਦਿੱਲੀ ਗੁਰਦੁਆਰਾ ਕਮੇਟੀ ਨੌਜਵਾਨਾਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਵਾਸਤੇ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਅੱਜ ਅਸੀਂ ਗੁਰੂ ਤੇਗ ਬਹਾਦਰ ਸਾਹਿਬ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣ ਦੀ ਸ਼ੁਰੂਆਤ ਕੀਤੀ ਹੈ ਤੇ ਜਿਸ ਧਰਮ ਤੇ ਜਿਸ ਕੌਮ ਲਈ ਗੁਰੂ ਸਾਹਿਬ ਨੇ ਸ਼ਹਾਦਤ ਦਿੱਤੀ, ਉਹਨਾਂ ਨੂੰ ਗੁਰੂ ਸਾਹਿਬ ਦੇ ਇਤਿਹਾਸ ਤੋਂ ਜਾਣੂ ਕਰਵਾਉਣਾ ਸਾਡਾ ਟੀਚਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਨਵੰਬਰ 1984 ਸਿੱਖ ਕਤਲੇਆਮ ਦੇ ਕੇਸਾਂ ਦੀ ਸਥਿਤੀ ਬਾਰੇ

# ਸੁਪਰੀਮ ਕੋਰਟ ਵਲੋਂ ਕੇਂਦਰ ਨੂੰ ਹਲਫਨਾਮਾ ਦਾਇਰ ਕਰਨ ਦਾ ਨਿਰਦੇਸ਼

ਨਵੀਂ ਦਿੱਲੀ 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਨੇ ਨਵੰਬਰ 1984 ਦੇ ਸਿੱਖ ਕਤਲੇਆਮ ਨੂੰ ਲੈ ਕੇ ਕੇਂਦਰ ਸਰਕਾਰ ਨੂੰ ਨਵਾਂ ਹੁਕਮ ਜਾਰੀ ਕੀਤਾ ਹੈ। ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਕੇਸਾਂ ਦੀ ਸਥਿਤੀ ਬਾਰੇ ਦੋ ਹਫ਼ਤਿਆਂ ਦੇ ਅੰਦਰ ਤਾਜ਼ਾ ਸਥਿਤੀ ਬਾਰੇ ਰਿਪੋਰਟ ਦੇਣ ਲਈ ਕਿਹਾ ਹੈ। ਮਾਮਲੇ ਦੀ ਸੁਣਵਾਈ ਸੁਪਰੀਮ ਕੋਰਟ ਦੇ ਜਸਟਿਸ ਅਭੈ ਐਸ ਓਕਾ ਅਤੇ ਆਗਸਟੀਨ ਜਾਰਜ ਮਸੀਹ ਦੀ ਡਿਵੀਜ਼ਨ ਬੈਂਚ ਵਿੱਚ ਹੋਈ। ਡਿਵੀਜ਼ਨ ਬੈਂਚ ਨੇ ਐਡੀਸ਼ਨਲ ਸਾਲਿਸਟਰ ਜਨਰਲ ਐਸ਼ਵਰਿਆ ਭਾਟੀ ਨੂੰ ਹਲਫ਼ਨਾਮਾ ਦਾਇਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਦੇ ਨਾਲ ਹੀ ਪਟੀਸ਼ਨਰਾਂ ਨੂੰ ਵਿਸਥਾਰਪੂਰਵਕ ਇਤਰਾਜ਼ ਦਾਇਰ ਕਰਨ ਲਈ ਵੀ ਕਿਹਾ ਗਿਆ ਹੈ।




ਸੁਪਰੀਮ ਕੋਰਟ ਵਿੱਚ ਸੁਣਵਾਈ ਦੌਰਾਨ ਵਧੀਕ ਸਾਲਿਸਟਰ ਜਨਰਲ ਐਸ਼ਵਰਿਆ ਭਾਟੀ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਪਹਿਲਾਂ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਸੀ। ਇਸ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕੀਤਾ ਗਿਆ ਹੈ। ਮਾਮਲੇ ਦੀ ਸੁਣਵਾਈ ਦੌਰਾਨ, ਪਟੀਸ਼ਨਕਰਤਾਵਾਂ ਵਿੱਚੋਂ ਇੱਕ ਦੇ ਵਕੀਲ ਨੇ ਇੱਕ ਐਫਆਈਆਰ ਦਾ ਹਵਾਲਾ ਦਿੱਤਾ ਅਤੇ ਕਿਹਾ ਕਿ ਐਸਆਈਟੀ ਦੀ ਰਿਪੋਰਟ ਤੋਂ ਇਹ ਸਾਹਮਣੇ ਆਇਆ ਹੈ ਕਿ ਇੱਕ ਐਫਆਈਆਰ ਵਿੱਚ 500 ਕੇਸ ਸ਼ਾਮਲ ਕੀਤੇ ਗਏ ਸਨ, ਜਿਸ ਕਰਕੇ ਜਾਂਚ ਅਧਿਕਾਰੀ ਉਨ੍ਹਾਂ ਦੀ ਜਾਂਚ ਨਹੀਂ ਕਰ ਸਕੇ।

ਤਕਰੀਬਨ ਪੰਜ ਸਾਲਾਂ ਬਾਅਦ, ਜਸਟਿਸ ਐਸਐਨ ਢੀਂਗਰਾ ਦੀ ਅਗਵਾਈ ਵਾਲੀ ਐਸਆਈਟੀ ਨੇ ਆਪਣੀ ਰਿਪੋਰਟ ਕੇਂਦਰ ਸਰਕਾਰ ਨੂੰ ਸੌਂਪ ਦਿੱਤੀ ਸੀ, ਸਿੱਖ ਕਤਲੇਆਮ ਦੇ ਲਗਭਗ 200 ਮਾਮਲਿਆਂ ਦੀ ਮੁੜ ਜਾਂਚ ਕਰਨ ਦੀ ਸੰਭਾਵਨਾ ਦਾ ਮੁਲਾਂਕਣ ਕੀਤਾ ਜੋ ਸਾਰੇ ਦੋਸ਼ੀਆਂ ਨੂੰ ਬਰੀ ਕੀਤੇ ਜਾਣ ਤੋਂ ਬਾਅਦ ਬੰਦ ਕਰ ਦਿੱਤੇ ਗਏ ਸਨ। ਇਸ ਰਿਪੋਰਟ ਦੇ ਆਧਾਰ 'ਤੇ ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਗ੍ਰਹਿ ਮੰਤਰਾਲੇ ਤੋਂ ਐਸਆਈਟੀ ਦੀਆਂ ਸਿਫ਼ਾਰਸ਼ਾਂ ਨੂੰ 2 ਹਫ਼ਤਿਆਂ ਦੇ ਅੰਦਰ ਲਾਗੂ ਕਰਨ ਬਾਰੇ ਸਥਿਤੀ ਰਿਪੋਰਟ ਮੰਗੀ ਹੈ।

ਅਦਾਲਤ ਦਾ ਧਿਆਨ ਇਸ ਵੱਲ ਦਿਵਾਉਂਦਿਆਂ ਉਨ੍ਹਾਂ ਕਿਹਾ ਕਿ 498 ਕੇਸਾਂ ਨੂੰ ਮਿਲਾ ਕੇ ਇੱਕ ਐਫ.ਆਈ.ਆਰ.ਆਈਓ ਨੇ ਸ਼ੁਰੂ ਵਿੱਚ ਉਸ ਦੀ ਜਾਂਚ ਕੀਤੀ। ਅਦਾਲਤ ਨੇ ਮਹਿਸੂਸ ਕੀਤਾ ਕਿ ਇਹ ਸਿਰਫ਼ ਦਿੱਲੀ ਤੱਕ ਸੀਮਤ ਹੈ, ਪਰ ਦੂਜੇ ਰਾਜਾਂ ਬਾਰੇ ਕੁਝ ਨਹੀਂ ਕੀਤਾ ਗਿਆ। ਬੋਕਾਰੋ, ਕਾਨਪੁਰ ਆਦਿ ਦੀਆਂ ਉਦਾਹਰਣਾਂ ਵੀ ਦਿੱਤੀਆਂ ਗਈਆਂ, ਪਰ ਕੁਝ ਨਹੀਂ ਹੋਇਆ। ਇਸ 'ਤੇ ਅਦਾਲਤ ਨੇ ਕਿਹਾ ਕਿ ਉਹ ਸਾਰੇ ਪਹਿਲੂਆਂ 'ਤੇ ਵਿਚਾਰ ਕਰੇਗੀ।

ਦੱਸ ਦੇਈਏ ਕਿ ਸਾਲ 1984 'ਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਬਾਡੀ ਗਾਰਡਾਂ ਨੇ ਹੱਤਿਆ ਕਰ ਦਿੱਤੀ ਸੀ। ਉਸ ਤੋਂ ਬਾਅਦ ਦਿੱਲੀ ਵਿਚ ਵੱਡੇ ਪੱਧਰ 'ਤੇ ਹਿੰਸਾ ਹੋਈ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਨਿਸ਼ਾਨਾ ਬਣਾਇਆ ਗਿਆ। 40 ਸਾਲਾਂ ਬਾਅਦ ਇਸ ਘਟਨਾ ਤੋਂ ਬਾਅਦ ਕਈ ਵੱਡੇ ਮੋੜ ਆਏ ਹਨ।

ਨਾਨਾਵਤੀ ਕਮਿਸ਼ਨ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਦਿੱਲੀ ਵਿੱਚ ਕੁੱਲ 587 ਐਫਆਈਆਰ ਦਰਜ ਕੀਤੀਆਂ ਗਈਆਂ ਸਨ ਅਤੇ ਇਸ ਵਿੱਚ 2,733 ਲੋਕਾਂ ਦੀ ਮੌਤ ਹੋ ਗਈ ਸੀ। ਪੁਲਿਸ ਦੁਆਰਾ ਲਗਭਗ 240 ਕੇਸਾਂ ਨੂੰ "ਅਣਪਛਾਤੇ" ਘੋਸ਼ਿਤ ਕਰਕੇ ਬੰਦ ਕਰ ਦਿੱਤਾ ਗਿਆ ਸੀ, ਜਦੋਂ ਕਿ 250 ਕੇਸਾਂ ਵਿੱਚ ਲੋਕਾਂ ਨੂੰ ਅਦਾਲਤ ਨੇ ਬਰੀ ਕਰ ਦਿੱਤਾ ਸੀ। ਇਸ ਦੇ ਨਾਲ ਹੀ ਸੀਬੀਆਈ ਨੇ ਤਿੰਨ ਲੋਕਾਂ ਦੇ ਕਤਲ ਦੇ ਮਾਮਲੇ ਵਿੱਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਚਾਰਜਸ਼ੀਟ ਦਾਖ਼ਲ ਕੀਤੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀ ਸਤਵੰਤ ਕੌਰ ਖ਼ਿਲਾਫ਼ ਬਿਆਨਬਾਜ਼ੀ ਸਹਿਣ ਨਹੀਂ ਕਰੇਗੀ ਸਿੱਖ ਕੌਮ : ਬੀਬੀ ਕੁਲਵਿੰਦਰ ਕੌਰ ਖ਼ਾਲਸਾ



**ਅੰਮ੍ਰਿਤਸਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਬਾਦਲ ਦੇ ਆਗੂ ਮਹੇਸ਼ਿੰਦਰ ਸਿੰਘ ਗਰੇਵਾਲ ਵੱਲੋਂ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬਾ ਸਤਵੰਤ ਕੌਰ ਵਿਰੁੱਧ ਕੀਤੀ ਬਿਆਨਬਾਜ਼ੀ ਸਿੱਖ ਕੌਮ ਸਹਿਣ ਨਹੀਂ ਕਰੇਗੀ, ਸਮੁੱਚਾ ਸਿੱਖ ਜਗਤ ਬੀਬਾ ਸਤਵੰਤ ਕੌਰ ਨਾਲ਼ ਖੜ੍ਹਾ ਹੈ। ਉਹਨਾਂ ਕਿਹਾ ਕਿ ਸੁਖਬੀਰ ਬਾਦਲ ਉੱਤੇ ਕੀਤੇ ਜਾਨਲੇਵਾ ਹਮਲੇ ਤੋਂ ਇੱਕ ਦਿਨ ਪਹਿਲਾਂ ਭਾਈ ਨਰਾਇਣ ਸਿੰਘ ਚੌੜਾ ਵੱਲੋਂ ਬੀਬੀ ਸਤਵੰਤ ਕੌਰ ਨਾਲ ਮੁਲਾਕਾਤ ਕਰਨਾ ਸਹਿਜ-ਸੁਭਾਵਿਕ ਵਰਤਾਰਾ ਸੀ ਪਰ ਬਾਦਲਾਂ ਦੇ ਪੀ.ਟੀ.ਸੀ. ਚੈਂਨਲ ਵੱਲੋਂ ਇਸ ਮੁਲਾਕਾਤ ਨੂੰ ਸ਼ੱਕੀ ਤੌਰ 'ਤੇ ਪੇਸ਼ ਕਰਨਾ, ਹਊਆ ਬਣਾਉਣਾ ਤੇ ਬੀਬਾ ਸਤਵੰਤ ਕੌਰ ਦੀ ਜਾਂਚ ਕੀਤੇ ਜਾਣ ਦਾ ਬਿਆਨ ਦੇਣਾ ਬਹੁਤ ਘਟੀਆ ਸਿਆਸਤ ਹੈ। ਉਹਨਾਂ ਕਿਹਾ ਕਿ ਖ਼ਾਲਸਾ ਪੰਥ ਨੂੰ ਤਾਂ ਪਹਿਲਾਂ ਹੀ ਪੁਲਿਸ ਅਤੇ ਸਰਕਾਰ ਉੱਤੇ ਰੋਹ ਹੈ ਕਿ ਉਹਨਾਂ ਨੇ ਬੀਬਾ ਸਤਵੰਤ ਕੌਰ ਨੂੰ ਥਾਣੇ ਬੁਲਾ ਕੇ ਪੁੱਛਗਿੱਛ ਕਿਉਂ ਕੀਤੀ ? ਇਸ ਮਾਮਲੇ 'ਚ ਬਾਦਲ ਦਲ, ਮੀਡੀਆ ਅਤੇ ਪੁਲਿਸ ਵੱਲੋਂ ਬੇਵਜ੍ਹਾ ਬੀਬਾ ਸਤਵੰਤ ਕੌਰ ਦਾ ਨਾਮ ਜੋੜਿਆ ਜਾ ਰਿਹਾ ਹੈ। ਇਹ ਸ਼ਹੀਦ ਪਰਿਵਾਰਾਂ ਦੀ ਤੌਹੀਨ ਅਤੇ ਸਿੱਖ ਕੌਮ ਦੀ ਪੱਗ ਨੂੰ ਹੱਥ ਪਾਉਣ ਵਾਲੀ ਗੱਲ ਹੈ। ਪਰ ਬਾਦਲ ਦਲ ਜਿਸ ਨੂੰ ਬੀਬਾ ਸਤਵੰਤ ਕੌਰ ਦੇ ਹੱਕ ਵਿੱਚ ਭੁਗਤਣਾ ਚਾਹੀਦਾ ਸੀ ਤੇ ਪੁਲਿਸ ਦੇ ਕਾਰੇ ਦੀ ਨਿਖੇਧੀ ਕਰਨੀ ਚਾਹੀਦੀ ਸੀ ਉਹ ਉਲਟਾ ਬੀਬਾ ਸਤਵੰਤ ਕੌਰ ਵਿਰੁੱਧ ਬਿਆਨ ਦਾਗ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਸਿੰਘ ਜੀ ਮੁਨੀ ਮਹਾਰਾਜ ਮੁਹਾਲੀ, ਤਪਾ ਦਰਾਜ ਵਾਲਿਆਂ ਦੀ ਯਾਦ ਵਿਚ ਗੁਰਮਤਿ ਸਮਾਗਮ 1 ਜਨਵਰੀ ਤੋਂ ਸ਼ੁਰੂ : ਬਾਬਾ ਰਣਜੀਤ ਸਿੰਘ ਮੁਹਾਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਸਿੰਘ ਜੀ ਮੁਨੀ ਮਹਾਰਾਜ ਮੁਹਾਲੀ, ਤਪਾ ਦਰਾਜ ਵਾਲਿਆਂ ਦੀ ਮਿੱਠੀ ਅਤੇ ਨਿੱਘੀ ਯਾਦ ਨੂੰ ਤਾਜ਼ਾ ਕਰਦਿਆਂ ਨਰਾਇਣ ਸਰ ਮੋਹਾਲੀ ਵਿਖੇ ਸਲਾਨਾ ਗੁਰਮਤਿ ਸਮਾਗਮ ਦੇ ਸਬੰਧ ਵਿੱਚ 1 ਜਨਵਰੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਸ਼ੁਰੂ ਹੋ ਕੇ 7 ਜਨਵਰੀ ਨੂੰ ਭੋਗ ਉਪਰੰਤ ਗੁਰਮਤ ਸਮਾਗਮ ਕਰਵਾਇਆ ਜਾ ਰਿਹਾ। ਜਿਸ ਵਿੱਚ ਪੰਜਾਬ, ਦਿੱਲੀ , ਰਾਜਸਥਾਨ, ਹਰਿਆਣਾ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨਗੀਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਸਿੰਘ ਜੀ ਮੋਨੀ ਮੁਹਾਲੀ ਤਪਾ ਦਰਾਜ ਵਾਲਿਆਂ ਦੇ ਗੱਦੀ ਨਸ਼ੀਨ ਸੰਤ ਬਾਬਾ ਰਣਜੀਤ ਸਿੰਘ ਜੀ ਮੁਹਾਲੀ ਵਾਲਿਆਂ ਨੇ ਕੀਤਾ। ਉਹਨਾਂ ਕਿਹਾ ਕਿ ਸਮਾਗਮ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ ਸੰਤ ਬਾਬਾ ਨਰਾਇਣ ਸਿੰਘ ਜੀ ਮੋਨੀ ਮਹਾਰਾਜ ਜੀ ਪਹਿਲੇ ਅਜਿਹੇ ਸੱਚਖੰਡ ਵਾਸੀ, ਸੰਤ ਮਹਾਂਪੁਰਖ ਹਨ ਜਿਨ੍ਹਾਂ ਦੀਆਂ ਯਾਦਾਂ ਨੂੰ ਪਿਆਰ ਵਾਲੀਆਂ ਸੰਗਤਾਂ ਨਵੰਬਰ ਮਹੀਨੇ ਤੋਂ ਮਨਾਉਣਾ ਸ਼ੁਰੂ ਕਰਦੀਆਂ ਹਨ। ਉਹਨਾਂ ਕਿਹਾ ਕਿ 7 ਜਨਵਰੀ ਨੂੰ ਪੰਥ ਦੇ ਮਹਾਨ ਰਾਗੀ, ਢਾਡੀ , ਕਵੀਸਰ ਅਤੇ ਸੰਤ ਮਹਾਂਪੁਰਸ਼ ਸੰਗਤਾਂ ਦੇ ਨਾਲ ਕਥਾ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਨਿਰਭੈ ਸਿੰਘ ਮੁਹਾਲੀ, ਗੋਲਡੀ ਮੁਹਾਲੀ, ਹੈਡ ਗ੍ਰੰਥੀ ਗਿਆਨ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਅੰਤ੍ਰਿੰਗ ਕਮੇਟੀ ਦੀ 23 ਦਸੰਬਰ ਨੂੰ ਹੋਣ ਵਾਲੀ ਇਕੱਤਰਤਾ ਜਰੂਰੀ ਰੁਝੇਵਿਆਂ ਕਾਰਨ ਰੱਦ




ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ 23 ਦਸੰਬਰ ਨੂੰ ਬੁਲਾਈ ਗਈ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ ਰੱਦ ਕਰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਰੂਰੀ ਮਾਮਲੇ 'ਤੇ ਵਿਚਾਰ ਕਰਨ ਲਈ ਇਹ ਹੰਗਾਮੀ ਇਕੱਤਰਤਾ ਬੁਲਾਈ ਗਈ ਸੀ, ਪਰੰਤੂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਰੁਝੇਵਿਆਂ ਕਾਰਨ ਹੁਣ ਇਹ ਇਕੱਤਰਤਾ ਨਹੀਂ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸੂਚਨਾ ਅੰਤ੍ਰਿੰਗ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਭੇਜੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਦੇ ਮਹਾਨ ਕੀਰਤਨੀਏ ਭਾਈ ਅਮਨਦੀਪ ਸਿੰਘ ਦੇ ਪਿਤਾ ਜਗਤਾਰ ਸਿੰਘ ਦੇ ਅਕਾਲ ਚਲਾਨਾ ਤੇ ਪੰਥ ਦੀਆਂ ਵੱਖ ਵੱਖ ਧਾਰਮਿਕ ਅਤੇ ਰਾਜਨੀਤਿਕ ਸ਼ਖਸ਼ੀਅਤਾਂ ਨੇ ਕੀਤਾ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ 22 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬਾਬਾ ਦੀਪ ਸਿੰਘ ਟਰੱਸਟ ਦੇ ਸੇਵਾਦਾਰ ਭਾਈ ਅਮਨਦੀਪ ਸਿੰਘ ਦੇ ਸਤਿਕਾਰਿਤ ਪਿਤਾ ਜਗਤਾਰ ਸਿੰਘ ਪਰਮਾਤਮਾ ਵੱਲੋਂ ਬਖਸ਼ਿਸ਼ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਗੁਰੂ ਘਰ ਦੇ ਕੀਰਤਨੀਏ ਭਾਈ ਗੁਰਇਕਬਾਲ ਸਿੰਘ ਤੇ ਹੋਰ ਪੰਥ ਪ੍ਰਸਿੱਧ ਸ਼ਖ਼ਸੀਅਤਾਂ ਨੇ ਉਹਨਾਂ ਦੀ ਪਤਨੀ ਗੀਤਾ ਕੌਰ, ਸਪੁੱਤਰ ਭਾਈ ਅਮਨਦੀਪ ਸਿੰਘ, ਬਿਕਰਮਜੀਤ ਸਿੰਘ,ਅਤੇ ਸਪੁੱਤਰੀ ਮੋਨਿਕਾ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਅਫਸੋਸ ਜ਼ਾਹਰ ਕੀਤਾ। ਭਾਈ ਅਮਨਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤਿਮ ਸਸਕਾਰ 23 ਦਸੰਬਰ ਨੂੰ 12 ਵਜੇ ਚਾਟੀਵਿੰਡ ਚੌਕ ਸ਼ਮਸ਼ਾਨ ਘਾਟ, ਨੇੜੇ ਗੁਰਦੁਆਰਾ ਸ਼ਹੀਦਾ ਸਾਹਿਬ ਵਿਖੇ ਕੀਤਾ ਜਾਵੇਗਾ।

ਪੰਜਾਬ ਪੁਲਿਸ ਨੇ ਸਰਹੱਦ ਪਾਰ ਨਾਰਕੋ ਸਮੱਗਲਿੰਗ ਮਾਡਿਊਲ ਦਾ ਕੀਤਾ ਪਰਦਾਫਾਸ਼

# 10 ਕਿਲੋ ਹੈਰੋਇਨ ਸਮੇਤ ਦੋ ਨਸ਼ਾ ਤਸਕਰ ਕਾਬੂ




**ਚੌਕ ਮਹਿਤਾ, 22 ਦਸੰਬਰ:( ਬਾਬਾ ਸੁਖਵੰਤ ਸਿੰਘ ਚੰਨਣਕੇ)** - ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਨੇ ਇੱਥੇ ਦੱਸਿਆ ਕਿ ਇੱਕ ਵੱਡੀ ਸਫਲਤਾ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਦੁਹਰਾਉਣ ਵਾਲੇ ਅਪਰਾਧੀਆਂ ਦੀ ਗ੍ਰਿਫਤਾਰੀ ਦੇ ਨਾਲ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ, ਜੋ ਕਿ ਪਹਿਲਾਂ 2015 ਵਿੱਚ ਦੋ ਪਾਕਿਸਤਾਨੀ ਨਾਗਰਿਕਾਂ ਸਮੇਤ ਫੜੇ ਗਏ ਸਨ

**☛ ਗ੍ਰਿਫਤਾਰ ਵਿਅਕਤੀ ਜੇਲ੍ਹ ਤੋਂ ਰਿਹਾਅ ਹੋਣ ਤੋਂ ਬਾਅਦ ਤਸਕਰੀ ਦੇ ਧੰਦੇ ਵਿੱਚ ਵਾਪਸ ਆਉਣ ਵਿੱਚ ਕਾਮਯਾਬ, ਡੀਜੀਪੀ ਗੌਰਵ ਯਾਦਵ ☛ ਡਰੱਗ ਸਪਲਾਇਰਾਂ, ਡੀਲਰਾਂ ਅਤੇ ਖਰੀਦਦਾਰਾਂ ਦੇ ਪੂਰੇ ਨੈੱਟਵਰਕ ਨੂੰ ਲੱਭਣ ਲਈ ਯਤਨ: ਪੁਲਿਸ ਕਮਿਸ਼ਨਰ ਗੁਰਪ੍ਰੀਤ ਭੁੱਲਰ**

ਉਨ੍ਹਾਂ ਦੱਸਿਆ ਕਿ ਇਸ ਵਾਰ ਪੁਲਿਸ ਨੇ ਕਾਬੂ ਕੀਤੇ ਨਸ਼ਾ ਤਸਕਰਾਂ ਕੋਲੋਂ 10 ਕਿਲੋ ਹੈਰੋਇਨ ਬਰਾਮਦ ਕੀਤੀ ਹੈ, ਜਿਨ੍ਹਾਂ ਦੀ ਪਹਿਚਾਣ ਸੁਖਦੇਵ ਸਿੰਘ (60) ਵਾਸੀ ਪਿੰਡ ਤਲਵਾਨੀ ਭਰਥ, ਬਟਾਲਾ ਅਤੇ ਅਵਤਾਰ ਸਿੰਘ ਉਰਫ਼ ਤਾਰੀ (45) ਵਾਸੀ ਪਿੰਡ ਬਘਿਆੜੀ ਜ਼ਿਲ੍ਹਾ ਅੰਮ੍ਰਿਤਸਰ ਵਜੋਂ ਹੋਈ ਹੈ, ਜਿਨ੍ਹਾਂ ਨੂੰ ਕਾਬੂ ਕਰ ਲਿਆ ਗਿਆ ਹੈ। ਜੇਲ ਤੋਂ ਜ਼ਮਾਨਤ ’ਤੇ ਰਿਹਾਅ ਹੋ ਕੇ ਮੁੜ ਤਸਕਰੀ ਦੇ ਧੰਦੇ ’ਚ ਪੈ ਗਏ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਹੈਰੋਇਨ ਦੀ ਢੋਆ-ਢੁਆਈ ਲਈ ਵਰਤੀ ਜਾਂਦੀ ਟੋਇਟਾ ਈਟੀਓਸ ਕਾਰ ਨੂੰ ਵੀ ਜ਼ਬਤ ਕਰ ਲਿਆ ਹੈ ਜਾਣਕਾਰੀ ਅਨੁਸਾਰ 2015 ਵਿੱਚ ਦੋ ਪਾਕਿ-ਨਾਗਰਿਕਾਂ ਨੇ 19.5 ਕਿਲੋਗ੍ਰਾਮ ਹੈਰੋਇਨ ਦੀ ਖੇਪ ਫੜੇ ਗਏ ਨਸ਼ਾ ਤਸਕਰ ਸੁਖਦੇਵ ਸਿੰਘ ਅਤੇ ਅਵਤਾਰ ਤਾਰੀ ਨੂੰ ਸੌਂਪਣ ਲਈ ਸਰਹੱਦ ਪਾਰ ਕੀਤੀ ਸੀ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਆਪਣੇ ਘਰ ਪਨਾਹ ਵੀ ਦਿੱਤੀ ਸੀ। ਪੰਜਾਬ ਪੁਲਿਸ ਨੇ 2.5 ਕਿਲੋ ਹੈਰੋਇਨ, 65 ਲੱਖ ਰੁਪਏ ਦੀ ਡਰੱਗ ਮਨੀ, ਇੱਕ ਪਿਸਤੌਲ ਅਤੇ ਇੱਕ ਰਾਈਫਲ ਬਰਾਮਦ ਕਰਕੇ ਚਾਰੋਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀ ਸੁਖਦੇਵ ਸਿੰਘ ਪਿਛਲੇ ਸਾਲ ਜੇਲ ਤੋਂ ਬਾਹਰ ਆਇਆ ਸੀ ਅਤੇ ਅਵਤਾਰ ਸਿੰਘ ਸਤੰਬਰ ਮਹੀਨੇ ਜ਼ਮਾਨਤ ’ਤੇ ਬਾਹਰ ਆਇਆ ਸੀ ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਗ੍ਰਿਫ਼ਤਾਰ ਵਿਅਕਤੀਆਂ ਨੇ ਮੁੜ ਪਾਕਿਸਤਾਨ ਸਥਿਤ ਤਸਕਰਾਂ ਨਾਲ ਸੰਪਰਕ ਬਣਾਇਆ ਅਤੇ ਪਿਛਲੇ ਕੁਝ ਮਹੀਨਿਆਂ ਵਿੱਚ ਡਰੋਨ ਰਾਹੀਂ ਸੁੱਟੀ ਗਈ ਹੈਰੋਇਨ ਦੀਆਂ ਘੱਟੋ-ਘੱਟ ਤਿੰਨ ਖੇਪਾਂ ਬਰਾਮਦ ਕਰਨ ਵਿੱਚ ਕਾਮਯਾਬ ਰਹੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪਿਛੜੇ ਅਤੇ ਅਗਾਂਹਵਧੂ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਖੁਫੀਆ ਸੂਚਨਾਵਾਂ ਦੇ ਆਧਾਰ ’ਤੇ ਸੀ.ਆਈ.ਏ. ਸਟਾਫ਼-1 ਦੀ ਪੁਲਿਸ ਟੀਮ ਨੇ ਇੰਸਪੈਕਟਰ ਅਮੋਲਕਦੀਪ ਸਿੰਘ ਦੀ ਅਗਵਾਈ ਹੇਠ ਡੀ.ਸੀ.ਪੀ ਇਨਵੈਸਟੀਗੇਸ਼ਨ ਜਗਜੀਤ ਸਿੰਘ ਵਾਲੀਆ, ਏ.ਡੀ.ਸੀ.ਪੀ ਇਨਵੈਸਟੀਗੇਸ਼ਨ ਨਵਜੋਤ ਸਿੰਘ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਆਪ੍ਰੇਸ਼ਨ ਨੂੰ ਅੰਜਾਮ ਦਿੱਤਾ ਏ.ਸੀ.ਪੀ. ਡਿਟੈਕਟਿਵ ਕੁਲਦੀਪ ਸਿੰਘ ਨੇ ਦੱਸਿਆ ਕਿ ਪੁਸ਼ਟੀ ਕੀਤੀ ਸੂਚਨਾ ਦੇ ਆਧਾਰ ’ਤੇ ਕਾਰਵਾਈ ਕਰਦਿਆਂ ਟੀਮ ਨੇ ਦੋਵਾਂ ਮੁਲਜ਼ਮਾਂ ਨੂੰ ਪਿੰਡ ਮੂਲੇਚੱਕ ਦੇ ਸੂਆ ਪੁਲ ਨੇੜੇ ਕਾਬੂ ਕੀਤਾ, ਜਦੋਂ ਉਹ ਆਪਣੀ ਕਾਰ ਵਿੱਚ ਕਿਸੇ ਹੋਰ ਸਮੱਗਲਰ ਨੂੰ ਹੈਰੋਇਨ ਸਪਲਾਈ ਕਰਨ ਜਾ ਰਹੇ ਸਨ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਨੈਟਵਰਕ ਦੇ ਅੰਦਰ ਡਰੱਗ ਸਪਲਾਇਰਾਂ, ਡੀਲਰਾਂ ਅਤੇ ਖਰੀਦਦਾਰਾਂ ਦੀ ਪਛਾਣ ਕਰਨ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਫੜੇ ਗਏ ਵਿਅਕਤੀਆਂ ਵੱਲੋਂ ਹੁਣ ਤੱਕ ਖਰੀਦੀ ਗਈ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ ਤਹਿਤ ਗੇਟ ਹਕੀਮਾਂ ਥਾਣਾ ਅੰਮ੍ਰਿਤਸਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ

# ਦੋ ਕਰੋੜ ਦੀ ਲਾਗਤ ਵਾਲੇ 5 ਪੰਚਾਇਤ ਘਰਾਂ ਦਾ ਉਦਘਾਟਨ



**ਸੁਨਾਮ ਊਧਮ ਸਿੰਘ ਵਾਲਾ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਅਧੀਨ ਆਉਂਦੇ 5 ਪਿੰਡਾਂ ਵਿੱਚ ਨਵੇਂ ਬਣਵਾਏ ਗਏ ਪੰਚਾਇਤ ਘਰਾਂ ਦਾ ਉਦਘਾਟਨ ਕਰਦਿਆਂ ਦੋਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਹਰੇਕ ਦਿਹਾਤੀ ਤੇ ਸ਼ਹਿਰੀ ਖੇਤਰ ਵਿੱਚ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹਈਆ ਕਰਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਪਿੰਡ ਬਖਸ਼ੀਵਾਲਾ, ਸ਼ਾਹਪੁਰ, ਲੋਹਾਖੇੜਾ, ਤੁੰਗਾ ਅਤੇ ਈਲਵਾਲ ਵਿਖੇ 40-40 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਪੰਚਾਇਤ ਘਰਾਂ ਦਾ ਉਦਘਾਟਨ ਕੀਤਾ। ਉਹਨਾਂ ਕਿਹਾ ਕਿ ਹਲਕੇ ਵਿੱਚ ਵੱਸਦੇ ਲੋਕਾਂ ਦੀਆਂ ਜਰੂਰਤਾਂ ਤੋਂ ਉਹ ਭਲੀ ਭਾਂਤ ਜਾਣੂ ਹਨ ਅਤੇ ਲੜੀਵਾਰ ਢੰਗ ਨਾਲ ਵਿਕਾਸ ਕਾਰਜ ਕਰਵਾ ਕੇ ਸਰਕਾਰੀ ਕਾਰਜਕਾਰੀ ਏਜੰਸੀਆਂ ਰਾਹੀਂ ਨਿਰਮਾਣ ਕਾਰਜਾਂ ਨੂੰ ਨਿਰਧਾਰਤ ਸਮੇਂ ਤੋਂ ਪਹਿਲਾਂ ਪਹਿਲਾਂ ਮੁਕੰਮਲ ਕਰਵਾਉਣਾ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਦੌਰਾਨ ਕੈਬਨਿਟ ਮੰਤਰੀ ਨੇ ਇਹਨਾਂ ਪਿੰਡਾਂ ਵਿੱਚ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਹਨਾਂ ਕਿਹਾ ਕਿ ਪਿਛਲੇ ਪੌਣੇ ਤਿੰਨ ਸਾਲਾਂ ਵਿੱਚ ਵਿਧਾਨ ਸਭਾ ਹਲਕਾ ਸੁਨਾਮ ਅੰਦਰ ਕਰੋੜਾਂ ਰੁਪਏ ਦੀ ਲਾਗਤ ਵਾਲੇ ਅਨੇਕਾਂ ਲੋਕ ਪੱਖੀ ਕੰਮਾਂ ਨੂੰ ਨੇਪਰੇ ਚੜਾਇਆ ਜਾ ਚੁੱਕਾ ਹੈ ਅਤੇ ਵੱਡੀ ਗਿਣਤੀ ਵਿੱਚ ਹੋਰ ਪ੍ਰੋਜੈਕਟ ਛੇਤੀ ਹੀ ਮੁਕੰਮਲ ਹੋਣ ਵਾਲੇ ਹਨ ਜਿਸ ਨਾਲ ਹਲਕਾ ਵਾਸੀ ਵੱਡੀ ਰਾਹਤ ਮਹਿਸੂਸ ਕਰਨਗੇ। ਇਸ ਮੌਕੇ ਅਧਿਕਾਰੀਆਂ ਤੋਂ ਇਲਾਵਾ ਸਬੰਧਤ ਪਿੰਡਾਂ ਦੇ ਵਸਨੀਕ ਅਤੇ ਹੋਰ ਆਗੂ ਵੀ ਹਾਜ਼ਰ ਸਨ।

**ਬਖਸ਼ੀਵਾਲਾ, ਸ਼ਾਹਪੁਰ, ਲੋਹਾਖੇੜਾ, ਤੁੰਗਾ ਅਤੇ ਈਲਵਾਲ ਵਿਖੇ ਬਣੇ ਪੰਚਾਇਤ ਘਰਾਂ ਦਾ ਕੀਤਾ ਉਦਘਾਟਨ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਹਫਤੇ ਦੇ ਦੂਜੇ ਦਿਨ ਵੀ ਰਾਤ ਦੇ ਦੀਵਾਨ ਸਜਾਏ



**ਫਿਰੋਜ਼ਪੁਰ, 22 ਦਸੰਬਰ (ਮਨੋਹਰ ਲਾਲ) :**— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਹਫਤੇ ਦੇ ਦੂਜੇ ਦਿਨ ਵੀ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ, ਭਾਵੇਂ ਕਿ ਠੰਡੀਆਂ ਰਾਤਾਂ ਵਿਚ ਵੀ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਰਾਗੀ ਜਥਿਆਂ ਨੇ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਨੇ ਆਨੰਦਪੁਰ ਸਾਹਿਬ ਦਾ ਕਿਲਾ ਛੱਡਿਆ ਅਤੇ ਸਰਸਾ ਨਦੀ ਤੇ ਪਾਣੀ ਦਾ ਵਹਾਅ ਅਤੇ ਹਨੇਰੀ ਰਾਤ ਬਾਰਿਸ ਤੇ ਪਰਿਵਾਰ ਤਿੰਨ ਹਿੱਸਿਆਂ ਵਿਚ ਵੰਡਿਆ ਗਿਆ, ਬਾਰੇ ਰਾਗੀ ਜਥਿਆਂ ਨੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ, ਜਿਸ ਵਿਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਬੂ ਸਿੰਘ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿਘ ਜੀ ਨੇ ਸਫਰ ਏ ਸ਼ਹਾਦਤ ਜੋ ਕਿ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਚਾਰ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਅਤੇ ਹੋਰ ਅਨੇਕਾਂ ਸਿੱਖ ਪੰਥ ਦੇ ਮਹਾਨ ਸ਼ਹੀਦਾਂ ਨੇ ਸ਼ਹੀਦੀਆਂ ਦਿੱਤੀਆਂ, ਜਿਹੜੀ ਕਿ ਰਹਿੰਦੀ ਦੁਨੀਆਂ ਤੱਕ ਯਾਦ ਰਹੇਗਾ, ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਅਤੇ ਕਿਹਾ ਕਿ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਨੇ ਸਰਸਾ ਨਦੀ ਪਾਰ ਕਰਨ ਲੱਗੇ ਸੀ ਤਾਂ ਪੂਰਾ ਪਰਿਵਾਰ ਵਿਛੜ ਗਿਆ। ਵਿਛੜਣ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ ਅਤੇ ਕੱਚੀ ਗੜੀ ਹਵੇਲੀ ਵਿਚ ਪੁੱਜ ਗਏ, ਇਹ ਚਮਕੌਰ ਦੀ ਗੜੀ ਇਕ ਚੌਧਰੀ ਦੀ ਸੀ ਅਤੇ ਮੁਗਲ ਫੌਜਾਂ ਪਿਛੇ ਚੜੀਆਂ ਆ ਰਹੀਆਂ ਸਨ। ਇਸ ਲਈ ਗੁਰੂ ਜੀ ਨੂੰ ਵੱਡੇ ਸਾਹਿਬਜ਼ਾਦਿਆਂ ਤੇ ਚਾਲੀ ਸਿੰਘਾਂ ਸਮੇਤ ਇਸ ਕੱਚੀ ਗੜੀ ਵਿਚ ਟਿਕਾਣਾ ਕਰਨਾ ਪਿਆ ਅਤੇ ਮੂਗਲ ਫੌਜਾਂ ਨੇ ਘੇਰਾ ਪਾ ਲਿਆ। ਨਵਾਬ ਸ਼ੇਰ ਮੁਹੰਮਦ ਖਾਨ ਨੇ ਇਹ ਢੰਡੋਰਾ ਪਿਟਵਾ ਦਿੱਤਾ ਕਿ ਸਾਰੇ ਆਪਣੇ-ਆਪ ਨੂੰ ਸਾਡੇ ਹਵਾਲੇ ਕਰ ਦਿਓ ਨਹੀਂ ਤਾਂ ਮਾਰ ਦਿੱਤੇ ਜਾਉਗੇ। ਇਸ ਤੇ ਮੋੜਵਾ ਜਵਾਬ ਗੁਰੂ ਗੋਬਿੰਦ ਸਿੰਘ ਜੀ ਨੇ ਤੀਰਾਂ ਦੀ ਵਛਾਰ ਕਰਕੇ ਦਿੱਤਾ, ਇਤਿਹਾਸ ਦਸਦਾ ਹੈ ਕਿ ਗੁਰੂ ਜੀ ਚਾਲੀ ਸਿੰਘਾਂ ਨੂੰ ਦਸ ਲੱਖ ਦੀ ਫੌਜ਼ ਨੇ ਘੇਰਾ ਪਾ ਰੱਖਿਆ ਹੈ, ਯੁੱਧ ਸ਼ੁਰੂ ਹੋ ਗਿਆ, ਸਿੱਖਾਂ ਨੇ ਗੁਰੂ ਗੋਬਿੰਦ ਸਿੰਘ ਜੀ ਪਾਤਸ਼ਾਹ ਜੀ ਨੂੰ ਬੇਨਤੀ ਕੀਤੀ ਕਿ ਆਪ ਸਹਿਬਜ਼ਾਦਿਆਂ ਨੂੰ ਲੈ ਕੇ ਨਿਕਲ ਜਾਓ, ਅਸੀਂ ਇਸ ਫੌਜ਼ ਦਾ ਮੁਕਾਬਲਾ ਕਰਾਂਗੇ। ਆਪ ਜੀ ਦੀ ਪੰਥ ਨੂੰ ਬਹੁਤ ਜ਼ਰੂਰਤ ਹੈ, ਆਪ ਬਾਹਰ ਜਾ ਕੇ ਫਿਰ ਸਿੱਖਾਂ ਨੂੰ ਇਕੱਠੇ ਕਰਕੇ ਵੈਰੀਆਂ ਨੂੰ ਸਬਕ ਸਿਖਾ ਸਕਦੇ ਹੋ, ਸਿੱਖਾਂ ਦੇ ਬਾਰ-ਬਾਰ ਬੇਨਤੀ ਕਰਨ ਤੇ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਨੂੰ ਫਰਮਾਇਆ ਕਿ ਤੁਸੀਂ ਕਿਹੜੇ ਸਾਹਿਬਜ਼ਾਦਿਆਂ ਦੀ ਗੱਲ ਕਰਦੇ ਹੋ ਤੁਸੀਂ ਸਾਰੇ ਹੀ ਮੇਰੇ ਸਾਹਿਬਜ਼ਾਦੇ ਹੋ, ਸਿੰਘ ਚੁੱਪ ਹੋ ਗਏ। ਬਾਬਾ ਅਜੀਤ ਸਿੰਘ ਜੀ ਨੇ ਗੁਰੂ ਪਿਤਾ ਜੀ ਕੋਲੋਂ ਜੰਗ ਵਿਚ ਜਾਣ ਦੀ ਆਗਿਆ ਮੰਗੀ, ਸਾਹਿਬਜ਼ਾਦਾ ਅਜੀਤ ਸਿੰਘ ਜੀ ਨਾਲ ਗੁਰੂ ਜੀ ਨੇ ਅੱਠ ਸਿੰਘ ਜਿਨ੍ਹਾਂ ਵਿਚ ਭਾਈ ਮੋਹਕਮ ਸਿੰਘ, ਭਾਈ ਈਸ਼ਰ ਸਿੰਘ, ਭਾਈ ਲਾਲ ਸਿੰਘ, ਭਾਈ ਨੰਦ ਸਿੰਘ, ਭਾਈ ਕੇਸਰ ਸਿੰਘ, ਭਾਈ ਦੇਵਾ ਸਿੰਘ, ਭਾਈ ਕੀਰਤੀ ਸਿੰਘ ਤੇ ਭਾਈ ਮੋਹਰ ਸਿੰਘ ਜੀ ਜੰਗ ਕਰਨ ਲਈ ਭੇਜੇ ਅਤੇ 10 ਲੱਖ ਮੂਗਲਾਂ ਅਤੇ ਪਹਾੜੀ ਰਾਜਿਆਂ ਦਾ ਮੁਕਾਬਲਾ ਕਰਦਿਆਂ ਸ਼ਹਾਦਤ ਦਾ ਜਾਪ ਪੀਤਾ, ਭਰਾ ਦੀ ਸ਼ਹੀਦੀ ਦੇਖ ਕੇ ਸਾਹਿਬਜ਼ਾਦਾ ਜੁਝਾਰ ਸਿੰਘ ਜੀ ਨੇ ਗੁਰੂ ਪਿਤਾ ਜੀ ਤੋਂ ਜੰਗ ਏ ਮੈਦਾਨ ਵਿਚ ਜਾਣ ਦੀ ਆਗਿਆ ਮੰਗਦਿਆਂ ਗੁਰੂ ਕਲਗੀਧਰ ਪਿਤਾ ਜੀ ਨੇ ਆਪ ਸ਼ਸ਼ਤਰ ਸਜਾਏ ਤੇ ਜੰਗ ਵਿਚ ਤੌਰਦਿਆਂ ਕਿਹਾ ਕਿ ਮੇਰੇ ਲਾਲ ਜੀ ਵਾਹਿਗੁਰੂ ਅਬ ਜੰਗ ਕੀ ਹਿੰਮਤ ਤੁਮਹੇ ਬਖਸ਼ੇ, ਸ਼ਹਾਦਤ ਪਿਆਸੇ ਹੋ ਜਾਓ ਜਾਮੇ ਸ਼ਹਾਦਤ ਤੁਮਹੇ ਬਖਸ਼ੇ, ਜੰਗ ਵਿਚ ਮੈਦਾਨ ਵਿਚ ਸਾਹਿਬਜ਼ਾਦਾ ਜੁਝਾਰ ਸਿੰਘ ਜੀ ਨੇ ਬਹਾਦਤਰੀ ਦੇ। ਜ਼ੌਹਰ ਦਿਖਾਏ ਤੇ ਦੁਸ਼ਮਣ ਵੀ ਦੰਗ ਰਹਿ ਗਿਆ ਅਤੇ ਅਖੀਰ ਸਾਹਿਬਜ਼ਾਦਾ ਜੁਝਾਰ ਸਿੰਘ ਜੀ ਨੇ ਸ਼ਹਾਦਤ ਦਾ ਜਾਮ ਪੀਤਾ, ਸ਼ਹਾਦਤ ਸਮੇਂ ਬਾਬਾ ਅਜੀਤ ਸਿੰਘ ਜੀ ਦੀ ਉਮਰ 18 ਸਾਲ ਤੇ ਬਾਬਾ ਜੁਝਾਰ ਸਿੰਘ ਜੀ ਦੀ ਉਮਰ 14 ਸਾਲ ਸੀ। ਇਸ ਤਰ੍ਹਾਂ ਦੋ ਵੱਡੇ ਸਾਹਿਬਜ਼ਾਦੇ ਪੰਜ ਪਿਆਰਿਆਂ ਵਿਚੋ ਤਿੰਨ ਪਿਆਰਿਆਂ ਸਮੇਤ 40 ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀਤਾ। ਇਸ ਮੌਕੇ ਤੇ ਸੰਗਤਾਂ ਨੇ ਵਾਹਿਗੁਰੂ ਦਾ ਜਾਪ ਕੀਤਾ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਚਾਹ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਦੋਸ਼ੀਆਂ ਵਿਰੁੱਧ ਕਾਰਵਾਈ ਦੀ ਟਾਲ ਮਟੋਲ ਦੀ ਨੀਤੀ ਪੁਲਿਸ ਪ੍ਰਸ਼ਾਸਨ ਨੂੰ ਮਹਿੰਗੀ ਪਵੇਗੀ

## ਸੁਲਗਦੇ ਧੂੰਏ ਦੇ ਵੱਡੇ ਭਾਂਬੜ ਬਣਨਗੇ–ਭਾਈ ਜ਼ਸਪਾਲ ਸਿੰਘ



**ਫਿਰੋਜ਼ਪੁਰ, 22 ਦਸੰਬਰ (ਮਨੋਹਰ ਲਾਲ) :**— ਪਿਛਲੇ ਦਿਨੀਂ ਥਾਣਾ ਸਦਰ ਅਧੀਨ ਆਉਂਦੇ ਪਿੰਡ ਅੱਛੇ ਵਾਲਾ ਦੇ ਇਕ ਪਰਿਵਾਰ ਵੱਲੋਂ ਇਸਾਈ ਧਰਮ ਦੇ ਪਾਦਰੀ ਪ੍ਰਦੀਪ ਵਾਸੀ ਕੈਨਾਲ ਕਲੋਨੀ ਦੇ ਕਹਿਣ ਤੇ ਹਿੰਦੂ ਅਤੇ ਸਿੱਖ ਧਰਮ ਨਾਲ ਸਬੰਧਤ ਗੁਰਬਾਣੀ ਦੇ ਗੁਟਕਾ ਸਾਹਿਬ, ਕੇਸ, ਕਕਾਰ ਅਤੇ ਗੁਰੂ ਅਤੇ ਦੇਵਤਿਆਂ ਦੇ ਸਰੂਪਾਂ ਦੀ ਕੀਤੀ ਘੋਰ ਨਿਰਾਦਰੀ ਦਾ ਅਜੇ ਤੱਕ ਦੋਨਾਂ ਧਰਮਾਂ ਨੂੰ ਇਨਸਾਫ ਨਹੀਂ ਮਿਲ ਰਿਹਾ। ਭਾਵੇਂ ਪਰਿਵਾਰ ਦੇ ਇਕ ਮੈਂਬਰ ਨੂੰ ਗ੍ਰਿਫਤਾਰ ਕਰਕੇ ਕਾਰਵਾਈ ਕੀਤੀ ਗਈ ਹੈ, ਪਰ ਇਸ ਬੇਅਦਬੀ ਕਾਂਡ ਦੇ ਮੁੱਖ ਦੋਸ਼ੀ ਪਾਸਟਰ ਪ੍ਰਦੀਪ ਦੀ ਗ੍ਰਿਫਤਾਰੀ ਨਾ ਹੋਣ ਕਰਕੇ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਟਾਲ-ਮਟੋਲ ਦੀ ਨੀਤੀ ਅਪਨਾਉਣ ਤੇ ਹਿੰਦੂ ਅਤੇ ਸਿੱਖ ਧਰਮ ਦੀਆਂ ਜਥੇਬੰਦੀਆਂ ਵਿਚ ਭਾਰੀ ਰੋਸ ਹੈ। ਦੋਨਾਂ ਜਥੇਬੰਦੀਆਂ ਦੇ ਆਗੂਆਂ ਵੱਲੋਂ ਕਈ ਵਾਰ ਪੁਲਿਸ ਅਫਸਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ, ਪਰ ਪੁਲਿਸ ਵੱਲੋਂ ਟਾਲ-ਮਟੋਲ ਅਤੇ ਜਲਦੀ ਕਾਰਵਾਈ ਕਰਨ ਦੇ ਦਿੱਤੇ ਭਰੋਸੇ ਤੋਂ ਬਾਅਦ ਦੀ ਅਜੇ ਤੱਕ ਕਾਰਵਾਈ ਨਾ ਹੋਣ ਤੇ ਜਥੇਬੰਦੀਆਂ ਦੇ ਸਮੁੱਚੇ ਆਗੂਆਂ ਦੇ ਦਿਲਾਂ ਵਿਚ ਰੋਹ ਦੇ ਭਾਂਬੜ ਬਲ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਆਗੂਆਂ ਭਾਈ ਜ਼ਸਪਾਲ ਸਿੰਘ, ਸੁਖਦੇਵ ਸਿੰਘ ਲਾਡਾ ਤੇ ਕਰਨੈਲ ਸਿੰਘ ਗਾਬੜੀਆ ਨੇ ਪੁਲਿਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਅਪੀਲਾਂ ਦਾ ਰਸਤਾ ਛੱਡ ਕੇ ਸੰਘਰਸ਼ ਦਾ ਰਸਤਾ ਅਖਤਿਆਰ ਹੋਣ ਵਾਲਾ ਹੈ ਅਤੇ ਅਸੀਂ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣਾ ਚਾਹੁੰਦੇ ਸੀ, ਪਰ ਇਨਸਾਫ ਨਾ ਮਿਲਣ ਤੇ ਸਾਨੂੰ ਸ਼ਾਂਤੀ ਭੰਗ ਕਰਨੀ ਪੈ ਸਕਦੀ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਰੋਹ ਵਿਚ ਉਪਜੇ ਸੂਲਗਦੇ ਧੂੰਏ ਦੇ ਵੱਡੇ ਭਾਂਬੜ ਬਣ ਕੇ ਫਟਣਗੇ, ਜਿਸਦੀ ਸਾਰੀ ਜਿੰਮੇਵਾਰੀ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਇਸ ਸਮੇਂ ਉਕਤ ਆਗੂਆਂ ਦੇ ਨਾਲ ਗੁਰਮੀਤ ਸਿੰਘ ਸਿੱਧੂ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਲੋਕੋ, ਕਰਮਜੀਤ ਸਿੰਘ ਬੱਬਾ, ਕੁਲਦੀਪ ਸਿੰਘ ਨੰਢਾ, ਗੁਰਵਰਪ੍ਰੀਤ ਸਿੰਘ, ਲਕਸ਼ਪ੍ਰੀਤ ਸਿੰਘ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਾਣੀਆਂ 'ਚ ਜ਼ਹਿਰ ਘੋਲ ਕੇ

# ਕਿੱਥੋਂ ਲੱਭਦੈਂ ਸ਼ਰਬਤੀ ਕੂਲਾਂ



**ਕਹਿੰਦੇ** ਨੇ ਕਿ ਜਦੋਂ ਤੋਂ ਧਰਤੀ ਤੇ ਜੀਵਨ ਪਣਪਨਾਂ ਸ਼ੁਰੂ ਹੋਇਆ, ਉਹ ਪਾਣੀ ਸੋਮਿਆਂ ਦੇ ਆਲੇ ਦੁਆਲੇ ਹੀ ਵਿਗਸਦਾ ਰਿਹਾ ਹੈ ।ਸਦੀਆਂ ਪਹਿਲਾਂ ਪਾਣੀਆਂ ਦੇ ਕੁਦਰਤੀ ਵਹਿਣਾਂ ਤੇ ਜੀਵਨ ਨਿਰਭਰ ਕਰਦਾ ਸੀ । ਮਨੁੱਖ ਜਿਉਂ ਜਿਉਂ ਸਭਿਆਕ ਹੁੰਦਾ ਗਿਆ ਉਸਨੇ ਦਰਿਆਵਾਂ ,ਨਦੀਆਂ -ਨਾਲਿਆਂ , ਕੁਦਰਤੀ ਝੀਲਾਂ ਦੇ ਦੁਆਲੇ ਬਸਤੀਆਂ ਦੇ ਰੂਪ ਵਿੱਚ ਵਸੇਬ ਕਰਨਾ ਸ਼ੁਰੂ ਕਰ ਦਿੱਤਾ ਅੱਗੇ ਜਾ ਕੇ ਇਹੀ ਬਸਤੀਆਂ ਵੱਡੇ ਸ਼ਹਿਰਾਂ ਦੇ ਰੂਪ ਵਿੱਚ ਵਿਕਸਤ ਹੋ ਗਈਆਂ ।ਅੱਜ ਵੀ ਸਦੀਆਂ ਪੁਰਾਣੇ ਸ਼ਹਿਰ ਇਹਨਾਂ ਦਰਿਆਵਾਂ ਨਦੀਆਂ-ਨਾਲਿਆਂ ਦੇ ਕੰਢੇ ਹੀ ਵਸੇ ਹੋਏ ਨੇ ।ਮਨੁੱਖ ਨੇ ਜੀਵਨ ਨੂੰ ਸੁਖਾਲਾ ਕਰਨ ਲਈ ਬੇਹੱਦ ਤਰੱਕੀ ਕੀਤੀ ਹੈ ਪਰ ਜਿਉਂ ਜਿਉਂ ਉਹ ਤਰੱਕੀ ਕਰਦਾ ਗਿਆ ਕੁਦਰਤੀ ਸੋਮਿਆਂ ਦੀ ਵਰਤੋਂ ਕਰਦੇ ਸਮੇਂ ਉਨਾਂ ਹੀ ਲਾਪਰਵਾਹ ਹੁੰਦਾ ਗਿਆ। ਦਰਿਆਵਾਂ ਦੇ ਵਹਿਣਾਂ ਨੂੰ ਪਾਕ ਪਵਿੱਤਰ ਮੰਨਿਆ ਜਾਂਦਾ ਸੀ ,ਵਗਦੇ ਪਾਣੀਆਂ ਨੂੰ ਅੰਮ੍ਰਿਤ ਨਿਆਈਂ ਜਾਣਿਆ ਜਾਂਦਾ ਸੀ ।ਅੱਜ ਤੋਂ ਪੰਜਾਹ ਕੁ ਸਾਲ ਪਹਿਲਾਂ ਦੇ ਇਕ ਪੰਜਾਬੀ ਗੀਤ ਦੇ ਬੋਲ ਵਗਦੇ ਪਾਣੀਆਂ ਦੀ ਸਵੱਛਤਾ ਇਉਂ ਬਿਆਨਦੇ ਹਨ :

**'ਗੋਡੀ ਲਾ ਕੇ ਪੀ ਲੈ ਬੱਲੀਏ,**
**ਠੰਡਾ ਠਾਰ ਨੀ ਕੱਸੀ ਦਾ ਪਾਣੀ'**

ਉਪਰੋਕਤ ਸਤਰਾਂ ਬੀਤੇ ਸਮੇਂ ਦੀਆਂ ਗੱਲਾਂ ਹੋ ਗਈਆਂ ਹਨ,ਮਨੁੱਖ ਨੇ ਜਦੋਂ ਐਨੀ ਤਰੱਕੀ ਨਹੀਂ ਸੀ ਕੀਤੀ । ਭਲਿਆਂ ਵੇਲੇ ਦੀ ਗੱਲ ਚੇਤੇ ਕਰਕੇ ਅੱਜ ਦਾ ਤਰੱਕੀ ਯੁੱਗ ਮਨ ਨੂੰ ਉਪਰਾਮ ਕਰਨ ਵਾਲਾ ਜਾਪਦਾ ਹੈ ।ਮਨੁੱਖ ਦੀ ਵਧਦੀ ਆਬਾਦੀ ਨੇ ਸਭ ਕੁਦਰਤੀ ਸੋਮਿਆਂ ਨੂੰ ਵਿਗਾੜ ਕੇ ਰੱਖ ਦਿੱਤਾ ਹੈ ।ਪੂਰੇ ਵਿਸ਼ਵ ਵਿਚ ਵੱਡੇ ਦਰਿਆ ਐਮਾਜ਼ਾਨ, ਮਿਸੀ ਸਿੱਪੀ,ਨੀਲ,ਹਵਾਂਗ, ਸਿੰਧ ਆਦਿ ਪ੍ਰਦੂਸ਼ਿਤ ਹੋ ਗਏ ਹਨ ।ਭਾਰਤ ਦਾ ਸਭ ਤੋਂ ਪਵਿੱਤਰ ਮੰਨਿਆ ਜਾਂਦਾ ਦਰਿਆ ਗੰਗਾ (ਨਦੀ) ਵੀ ਅੱਜ ਪ੍ਰਦੂਸ਼ਿਤ ਹੋ ਚੁੱਕਿਆ ਹੈ।

**'ਰਾਮ ਤੇਰੀ ਗੰਗਾ ਮੈਲੀ ਹੋ ਗਈ**
**ਪਾਪੀਆਂ ਕੇ ਪਾਪ ਧੋਤੇ ਧੋਤੇ'**

ਪਾਪ ਧੋਣ ਤੱਕ ਤਾਂ ਗੱਲ ਚੱਲ ਜਾਂਦੀ ਪਰ ਹੁਣ ਤਾਂ ਗੰਗਾ ਦੁਆਲੇ ਵਸਦੇ ਸ਼ਹਿਰਾਂ ਦੇ ਸੀਵਰੇਜ ਪਲਾਂਟਸ ਦਾ ਪਾਣੀ ਵੀ ਗੰਗਾ 'ਚ ਸੁੱਟਿਆ ਜਾ ਰਿਹਾ ਹੈ ।ਕੋਈ ਸਮਾਂ ਸੀ ਲੋਕ ਗੰਗਾਜਲ ਨੂੰ ਘਰਾਂ ਚ ਪਵਿੱਤਰ ਮੰਨ ਕੇ ਅਧਿਆਤਮਕ ਕੰਮਾਂ ਲਈ ਵਰਤਦੇ ਸਨ ਪਰ ਅਫਸੋਸ ਮਨੁੱਖ ਨੇ ਅਧਿਆਤਮਿਕਤਾ ਨਾਲ ਜੁੜੇ ਇਸ ਦਰਿਆ ਨੂੰ ਵੀ ਨਹੀਂ ਬਖਸ਼ਿਆ ਆਪਣੇ ਮਤਲਬ ਲਈ ਬੇਹੱਦ ਪ੍ਰਦੂਸ਼ਿਤ ਕਰ ਦਿੱਤਾ ਹੈ ।ਭਾਵੇਂ ਕਿ ਗੰਗਾ ਦੀ ਸਵੱਛਤਾ ਲਈ 2011 'ਚ ਗੰਗਾ-ਪੁੱਤਰ ਸੁਆਮੀ ਨਿਗਮਾਨੰਦ 126 ਦਿਨ ਦੇ ਮਰਨ ਵਰਤ ਤੋਂ ਬਾਅਦ,ਅਤੇ 2018 'ਚ ਸੁਆਮੀ ਜੀ ਡੀ ਅਗਰਵਾਲ (ਸੁਆਮੀ ਸਾਨੰਦ) 113 ਦਿਨ ਦੇ ਮਰਨ ਵਰਤ ਉਪਰੰਤ ਆਪਣੇ ਪ੍ਰਾਣਾਂ ਦੀ ਆਹੂਤੀ ਪਾ ਗਏ ਪਰ ਪਰਨਾਲਾ ਉੱਥੇ ਦੀ ਉੱਥੇ ਹੈ। ਅੱਜ ਤੱਕ ਨੈਸ਼ਨਲ ਗਰੀਨ ਟ੍ਰਿਬਿਊਨਲ, ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ, ਸਰਕਾਰੀ ਤੇ ਗੈਰ ਸਰਕਾਰੀ ਅਨੇਕਾਂ ਵਾਤਾਵਰਣ ਬਚਾਓ ਏਜੰਸੀਆਂ ਦੇ ਸਿਰਤੋੜ ਯਤਨਾਂ ਸਦਕਾ ਕਰੋੜਾਂ ਰੁਪਇਆਂ ਦੇ ਪ੍ਰਾਜੈਕਟ ਲਗਾ ਕੇ ਵੀ ਗੰਗਾ ਨੂੰ ਪ੍ਰਦੂਸ਼ਣ ਮੁਕਤ ਨਹੀਂ ਕੀਤਾ ਜਾ ਸਕਿਆ ,ਇਸ ਦਾ ਪਾਣੀ ਅੱਜ ਵੀ ਪੀਣਯੋਗ ਨਹੀਂ ਹੋ ਸਕਿਆ ।ਇਹ ਤਾਂ ਇੱਕ ਮਿਸਾਲ ਹੈ ਭਾਰਤ ਦੇ ਕਰੋੜਾਂ ਲੋਕਾਂ ਦੀ ਧਾਰਮਿਕ ਆਸਥਾ ਨਾਲ ਜੁੜੇ ਇੱਕ ਦਰਿਆ ਦੀ।

ਇੱਥੇ ਹੀ ਬੱਸ ਨਹੀਂ ਪੂਰੇ ਭਾਰਤ ਵਿਚ ਕੋਈ ਵੀ ਦਰਿਆ ਅਜਿਹਾ ਨਹੀਂ ਜਿਸ ਵਿੱਚ ਸ਼ਹਿਰਾਂ ਦੀ ਉਦਯੋਗਿਕ ਰਹਿੰਦ ਖੂੰਹਦ ਨਾ ਰੋੜ੍ਹੀ ਜਾਂਦੀ ਹੋਵੇ, ਫੈਕਟਰੀਆਂ ਚੋਂ ਨਿਕਲਦਾ ਗੰਧਲਾ ਪਾਣੀ ਦਰਿਆਵਾਂ ਵਿੱਚ ਨਾ ਸੁੱਟਿਆ ਜਾਂਦਾ ਹੋਵੇ । ਜੇ ਪੰਜਾਬ ਦੀ ਗੱਲ ਕਰੀਏ ਤਾਂ ਇਸ ਦੇ ਪੰਜਾਂ ਪਾਣੀਆਂ ਦਾ ਹੋਰ ਵੀ ਬੁਰਾ ਹਾਲ ਹੈ। ਰਾਵੀ ਦਰਿਆ ਨੂੰ ਲਹਿੰਦੇ ਪੰਜਾਬ ਚ ਦੁਨੀਆ ਦਾ ਸਭ ਤੋਂ ਵੱਧ ਪ੍ਰਦੂਸ਼ਿਤ ਦਰਿਆ ਸਮਝਿਆ ਜਾਂਦਾ ਹੈ ।ਬਿਆਸ ਦਰਿਆ 'ਚ ਬੇਸ਼ੱਕ ਪ੍ਰਦੂਸ਼ਣ ਦਾ ਅਸਰ ਘੱਟ ਕਰਕੇ ਵੇਖਿਆ ਜਾਂਦਾ ਸੀ ਪਰ ਮਈ 2018 'ਚ ਇਹ ਭਰਮ ਵੀ ਉਸ ਵੇਲੇ ਟੁੱਟ ਗਿਆ ਜਦੋਂ ਇਕ ਸਵੇਰ ਦਰਿਆ ਨੇੜੇ ਵਸਦੇ ਲੋਕਾਂ ਨੇ ਪਾਣੀ 'ਚ ਮਰੀਆਂ ਮੱਛੀਆਂ ਅਤੇ ਪਾਣੀ ਵਾਲੇ ਹੋਰ ਮਰੇ ਹੋਏ ਜੀਵ ਵੱਡੀ ਪੱਧਰ ਤੇ ਤੈਰਦੇ ਦੇਖੇ ਬਾਅਦ ਵਿਚ ਜਾਂਚ ਉਪਰੰਤ ਗੱਲ ਸਾਹਮਣੇ ਆਈ ਕਿ ਗੁਰਦਾਸਪੁਰ ਦੇ ਸ਼ੂਗਰ ਮਿੱਲ ਚੋਂ ਬਹੁਤ ਜ਼ਿਆਦਾ ਕੈਮੀਕਲ ਯੁਕਤ ਪਦਾਰਥ ਦਰਿਆ 'ਚ ਰਲਣ ਕਾਰਨ ਦਰਿਆ ਦਾ ਪਾਣੀ ਏਨਾ ਜ਼ਿਹਰੀਲਾ ਹੋ ਗਿਆ ਸੀ, ਜਿਸ ਨਾਲ ਪਾਣੀ ਵਿਚਲੇ ਅਨੇਕਾਂ ਹੀ ਜੀਵ ਮਰ ਗਏ ।ਇਸ ਘਟਨਾ ਨੇ ਉਦਯੋਗਿਕ ਇਕਾਈਆਂ ਦੇ ਕਾਰਜ ਪ੍ਰਬੰਧਾਂ ਚ ਵਰਤੀ ਜਾਂਦੀ ਅਣਗਹਿਲੀ ਤੇ ਲਾਪ੍ਰਵਾਹੀ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ।ਸਾਲ 2022 ਦੇ ਨੇੜੇ ਅਜਿਹੀ ਹੋਰ ਘਟਨਾ ਸਾਹਮਣੇ ਆਈ ਜਦ ਜ਼ੀਰਾ ਸ਼ਰਾਬ ਫੈਕਟਰੀ ਦੇ ਨੇੜੇ ਬੋਰਵੈਲਾਂ ਦਾ ਪਾਣੀ ਬਦਬੂਦਾਰ ਤੇ ਗੰਧਲਾ ਹੋਣ ਲਗ ਪਿਆ ।ਸ਼ਰਾਬ ਫੈਕਟਰੀ ਦਾ ਕੈਮੀਕਲ ਯੁਕਤ ਸਾਰਾ ਪਾਣੀ ਧਰਤੀ 'ਚ ਹੀ ਡੰਪ ਕਰ ਦਿੱਤਾ ਜਾਂਦਾ ਰਿਹਾ ।ਇਹ ਕੰਮ ਫੈਕਟਰੀ 'ਚ ਲਗਭਗ 25 ਅਣਅਧਿਕਾਰਤ ਡੂੰਘੇ ਬੋਰਵੈਲਾਂ ਰਾਹੀਂ ਕੀਤਾ ਜਾਂਦਾ ਰਿਹਾ , ਨਤੀਜਨ ਫੈਕਟਰੀ ਦੁਆਲੇ 15 ਕਿਲੋਮੀਟਰ ਤੱਕ ਧਰਤੀ ਹੇਠਲਾ ਪਾਣੀ ਏਨਾ ਪ੍ਰਦੂਸ਼ਿਤ ਹੋ ਗਿਆ ਕਿ ਨਾ ਉਹ ਪੀਣਯੋਗ ਰਿਹਾ ਨਾ ਹੀ ਸਿੰਜਾਈ-ਯੋਗ ।ਆਖਰ ਇਕ ਲੰਬੇ ਸੰਘਰਸ਼ ਤੋਂ ਬਾਅਦ ਇਲਾਕੇ ਦੇ ਲੋਕਾਂ ਨੂੰ ਓਦੋਂ ਰਾਹਤ ਮਿਲੀ ਜਦ ਫੈਕਟਰੀ ਬੰਦ ਕਰਨ ਦੇ ਸਰਕਾਰੀ ਹੁਕਮ ਪਾਸ ਹੋਏ ।ਸਾਫ ਜ਼ਾਹਿਰ ਹੈ ਕਿ ਉਦਯੋਗਿਕ ਇਕਾਈਆਂ ਦੇ ਪ੍ਰਬੰਧਕ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਸ਼ਰਤਾਂ ਤੇ ਕਦੇ ਵੀ ਪੂਰੀ ਤਰ੍ਹਾਂ ਸੁਹਿਰਦਤਾ ਨਾਲ ਅਮਲ ਨਹੀਂ ਕਰਦੇ। ਲਿਖਤੀਂ-ਪੜਤੀਂ ਬੇਸ਼ੱਕ ਸ਼ਰਤਾਂ ਮੰਨ ਲੈਂਦੇ ਹਨ ਪਰ ਮਿੱਥੇ ਮਾਪ-ਦੰਡਾਂ ਤੇ ਕਦੇ ਵੀ ਪੂਰੇ ਨਹੀਂ ਉਤਰਦੇ।

ਸਤਲੁਜ ਦਰਿਆ ਦਾ ਹਾਲ ਇਸ ਨਾਲੋਂ ਵੀ ਮਾੜਾ ਹੈ ਕਿਉਂ ਕਿ ਇਸ 'ਚ ਰਲਣ ਵਾਲੀਆਂ ਸਹਾਇਕ ਨਦੀਆਂ ਦਾ ਪਾਣੀ ਉਦਯੋਗਿਕ ਖੇਤਰਾਂ ਦੇ ਰਸਾਇਣਕ ਰਿਸਾਵ ਕਾਰਨ ਬੇਹੱਦ ਪ੍ਰਦੂਸ਼ਿਤ ਹੋ ਚੁੱਕਿਆ ਹੈ , ਜਿਸ ਨਾਲ ਸਥਿਤੀ ਬਹੁਤ ਜ਼ਿਆਦਾ ਖਤਰਨਾਕ ਹੋਈ ਪਈ ਹੈ ।ਇਹਨਾਂ ਸਹਾਇਕ ਨਦੀਆਂ ਚੋਂ ਸਭ ਤੋਂ ਅਹਿਮ ਨਦੀ 'ਬੁੱਢੇ ਦਰਿਆ' ਦੇ ਕਾਲੇ ਪਾਣੀ ਦੀ ਸਮੱਸਿਆ ਤਾਂ ਵਿਕਰਾਲ ਰੂਪ ਧਾਰਨ ਕਰੀ ਖੜੀ ਹੈ। ਬੁੱਢਾ ਦਰਿਆ ਹੁਣ ਗੰਦਾ ਨਾਲਾ ਹੀ ਜਾਪਣ ਲੱਗ ਪਿਆ ਹੈ। ਦੱਸਦੇ ਹਨ ਕਿ 1980ਵਿਆਂ ਤੱਕ ਇਸ ਦਰਿਆ ਦਾ ਪਾਣੀ ਪੀਣ ਲਈ ਵਰਤਿਆ ਜਾਂਦਾ ਰਿਹਾ ਹੈ ।ਮਤਲਬ ਚਮਕੌਰ ਸਾਹਿਬ ਤੋਂ ਬਹਿਲੋਲਪੁਰ,ਮਾਛੀਵਾੜਾ ,ਕੂੰਮਕਲਾਂ ,ਲੁਧਿਆਣਾ,ਹੰਬੜਾਂ ,ਭੂੰਦੜੀ ਤੇ ਵਲੀਪੁਰ ਤੱਕ ਦੇ ਖੇਤਰ ਦੀ ਪਿਆਸ ਬੁਝਾਉਂਦਾ ਰਿਹਾ ਹੈ ।ਪਰ 1984 ਤੋਂ ਬਾਅਦ ਲੁਧਿਆਣਾ ਸ਼ਹਿਰ ਦੀ ਆਬਾਦੀ ਵਧਣ ਦੇ ਨਾਲ ਨਾਲ ਸ਼ਹਿਰ ਦਾ ਵੱਡੇ ਪੱਧਰ ਤੇ ਉਦਯੋਗੀਕਰਣ ਹੋਣ ਨਾਲ ਇਸ ਦੀ ਹਾਲਤ ਬਦ ਤੋਂ ਬਦਤਰ ਹੁੰਦੀ ਗਈ। ਏਥੇ ਵਸਦੇ ਲੋਕਾਂ ਦੇ ਕਹਿਣ ਮੁਤਾਬਕ, ਹੁਣ ਹਾਲਤ ਇਹ ਹੈ ਕਿ ਸ਼ਹਿਰ ਦੇ ਸੀਵਰੇਜ ਪਲਾਂਟਸ ਅਤੇ ਡੇਅਰੀ ਫਾਰਮਿੰਗ ਦਾ ਅਣਸੁਧਿਆ ਪਾਣੀ ਤਾਂ ਨਾਲੇ ਚ ਸੁੱਟਿਆ ਹੀ ਜਾਂਦਾ ਹੈ,ਕਪੜੇ ਰੰਗਣ ਵਾਲੀਆਂ ਫੈਕਟਰੀਆਂ, ਇਲੈਕਟਰੋਪਲੇਟਿੰਗ ਉਦਯੋਗ ਅਤੇ ਹੋਰ ਕਈ ਕਿਸਮ ਦੀਆਂ ਉਦਯੋਗਿਕ ਇਕਾਈਆਂ ਦਾ ਕੈਮੀਕਲ ਯੁਕਤ ਪਾਣੀ ਵੀ ਨਾਲੇ ਵਿਚ ਪਾਇਆ ਜਾ ਰਿਹਾ ਹੈ। ਬੇਸ਼ੱਕ ਉਦਯੋਗਪਤੀਆਂ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਦਾਅਵੇ ਕੀਤੇ ਜਾਂਦੇ ਹਨ ਸਾਰਾ ਪਾਣੀ ਸੁਧਾਈ ਉਪਰੰਤ ਹੀ ਨਾਲੇ ਵਿੱਚ ਪਾਇਆ ਜਾਂਦਾ ਹੈ ਪਰ ਇਹ ਪੂਰਾ ਸੱਚ ਨਹੀਂ ।ਵਾਟਰ ਟ੍ਰੀਟਮੈਂਟ ਪਲਾਂਟ ਬੇਸ਼ੱਕ ਲਗਾਏ ਗਏ ਹਨ ਪਰ ਅਸਲੀਅਤ ਚ ਇਹ ਪਲਾਂਟਸ ਉਨੀ ਸਮੱਰਥਾ ਨਾਲ ਕੰਮ ਨਹੀਂ ਕਰਦੇ ਜਿੰਨੀ ਦੀ ਲੋੜ ਹੈ ।ਜੇਕਰ ਟ੍ਰੀਟਮੈਂਟ ਪਲਾਂਟ ਲਗਾਏ ਵੀ ਹੋਏ ਨੇ ਉਹਨਾਂ ਦਾ ਫਾਇਦਾ ਤਾਂ ਹੀ ਹੈ ਜੇ ਪੂਰੀ ਤਰਾਂ ਪਾਣੀ ਦੀ ਸੁਧਾਈ ਹੋ ਸਕੇ ਪਰ ਇਹ ਨਹੀਂ ਹੋ ਰਿਹਾ। ਹਾਲਤ ਵਿਗੜਦੇ ਜਾ ਰਹੇ ਹਨ। ਬੁੱਢੇ ਨਾਲੇ ਦਾ ਕਾਲਾ ਪਾਣੀ ਸਤਲੁਜ ਚ ਮਿਲ ਕੇ ਵੱਡੇ ਪੱਧਰ ਤੇ ਪਾਣੀ ਪ੍ਰਦੂਸ਼ਿਤ ਕਰ ਰਿਹਾ ਹੈ , ਜੋ ਦੱਖਣੀ ਪੰਜਾਬ ਦੇ ਮਾਲਵੇ ਤੋਂ ਰਾਜਸਥਾਨ ਤੱਕ ਕੈਂਸਰ,ਕਾਲਾ ਪੀਲੀਆ ,ਹੈਪੇਟਾਈਟਸ ਸੀ,ਚਮੜੀ ਦੀਆਂ ਬਿਮਾਰੀਆਂ ਸਮੇਤ ਅਨੇਕਾਂ ਭਿਆਨਕ ਰੋਗਾਂ ਦਾ ਕਾਰਨ ਬਣ ਰਿਹਾ ਹੈ ਅਤੇ ਬੁੱਢੇ ਨਾਲੇ ਦੇ ਆਸੇ ਪਾਸੇ ਦੇ ਖੇਤਰ ਦਾ ਜਮੀਨਦੋਜ਼ ਪਾਣੀ ਵੀ ਏਨਾ ਦੂਸ਼ਿਤ ਹੋ ਚੁੱਕਿਆ ਹੈ ਕਿ ਪੀਣਯੋਗ ਤਾਂ ਕੀ ਸਿੰਜਾਈ-ਯੋਗ ਵੀ ਨਹੀਂ ਰਿਹਾ ।ਏਥੋਂ ਦੇ ਲੋਕਾਂ ਦਾ ਜਿਉਣਾ ਦੁੱਭਰ ਹੋਇਆ ਪਿਆ ਹੈ ।ਪਿਛਲੇ ਕੁਝ ਸਮੇਂ ਤੋਂ ਵਾਤਾਵਰਣ ਪ੍ਰੇਮੀ ਅਤੇ ਸਮਾਜਸੇਵੀ ਜਥੇਬੰਦੀਆਂ ਨੇ ਬੁੱਢੇ ਨਾਲੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ 'ਕਾਲੇ ਪਾਣੀ ਦਾ ਮੋਰਚਾ' ਦੇ ਨਾਂ ਥੱਲੇ ਮੁਹਿੰਮ ਚਲਾਈ ਹੋਈ ਹੈ। ਦਸੰਬਰ ਦੇ ਸ਼ੁਰੂ ਵਿਚ ਮੋਰਚੇ ਵੱਲੋਂ ਇਸ ਮੁਹਿੰਮ ਤਹਿਤ ਜਲ ਪ੍ਰਦੂਸ਼ਣ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਪੰਜਾਬ ਭਰ ਦੇ ਲੋਕਾਂ ਨੂੰ ਲੁਧਿਆਣੇ ਇੱਕਠੇ ਹੋਣ ਲਈ ਕਾਲ ਦਿੱਤੀ ਗਈ ਸੀ ।ਜਿਸ ਤੋਂ ਘਬਰਾ ਕੇ ਕਪੜਾ ਰੰਗਣ ਵਾਲੀਆਂ ਫੈਕਟਰੀਆਂ ਦੇ ਪ੍ਰਬੰਧਕਾਂ ਨੇ ਸਹਿਯੋਗ ਕਰਨ ਦੀ ਬਜਾਏ ਹਮਲਾਵਰ ਰੁਖ ਅਖਤਿਆਰ ਕਰਦਿਆਂ ਸਮਾਜਸੇਵੀ ਮੋਰਚੇ ਦੇ ਆਗੂਆਂ ਤੇ ਬਲੈਕਮੇਲਰ ਹੋਣ ਤੱਕ ਦੇ ਦੋਸ਼ ਲਾ ਧਰੇ। ਧਮਕੀਆਂ ਦਿੱਤੀਆਂ ਕਿ ਫੈਕਟਰੀ ਮਜਦੂਰਾਂ ਨੂੰ ਮੋਰਚੇ ਦੇ ਖਿਲਾਫ ਲਿਆ ਖੜਾ ਕਰ ਦਿੱਤਾ ਜਾਵੇਗਾ ।ਪ੍ਰਸ਼ਾਸਨ ਨੇ ਭੜਕਾਊ ਤਕਰੀਰਾਂ ਕਰਨ ਵਾਲੇ ਉਦਯੋਗਪਤੀਆਂ ਤੇ ਬਣਦੀ ਕਾਰਵਾਈ ਤਾਂ ਕੀ ਕਰਨੀ ਸੀ ਸਗੋਂ ਉਹਨਾਂ ਦਾ ਸਾਥ ਦਿੰਦਿਆਂ 3 ਦਸੰਬਰ ਨੂੰ ਉਦਯੋਗਪਤੀਆਂ ਦੀ ਸਟੇਜ ਵੀ ਲਗਵਾਈ ਅਤੇ ਫੈਕਟਰੀ ਮਜਦੂਰਾਂ ਸਮੇਤ ਵੱਡੀ ਗਿਣਤੀ 'ਚ ਭੀੜ ਜਮਾ ਕਰਨ ਲਈ ਉਹਨਾਂ ਦੀ ਪਿੱਠ ਵੀ ਪੂਰੀ। ਦੂਜੇ ਬੰਨੇ ਪੰਜਾਬ ਭਰ ਤੋਂ ਪੀੜਤ ਲੋਕਾਂ ਅਤੇ ਮੋਰਚੇ ਦੇ ਆਗੂਆਂ ਨੂੰ ਗ੍ਰਿਫਤਾਰ ਕਰਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਨੂੰ ਕੁਚਲਣ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਦਿੱਤਾ। ਅਜਿਹੇ ਹਾਲਾਤਾਂ ਚ ਲੋਕਾਂ ਨੂੰ ਜ਼ਿਹਰ ਦੇ ਘੁੱਟ ਭਰਨ ਲਈ ਮਜਬੂਰ ਵੀ ਕੀਤਾ ਜਾ ਰਿਹਾ ਤੇ ਰੋਣ ਵੀ ਨਹੀਂ ਦਿੱਤਾ ਜਾ ਰਿਹਾ ।ਮੁੱਕਦੀ ਗੱਲ ਲੰਬੇ ਸਮੇਂ ਤੋਂ ਚਲਦਾ ਆ ਰਿਹਾ ਅਜਿਹਾ ਵਰਤਾਰਾ ਰੁਕਣ ਦਾ ਨਾਮ ਨਹੀਂ ਲੈ ਰਿਹਾ ਸਗੋਂ ਹੋਰ ਗੰਭੀਰ ਰੂਪ ਧਾਰਨ ਕਰਦਾ ਜਾ ਰਿਹਾ ਹੈ। ਇਸ ਵਿਰੁੱਧ ਸਮਾਜਸੇਵੀ ਤੇ ਵਾਤਾਵਰਣ ਬਚਾਓ ਜਥੇਬੰਦੀਆਂ ਲੰਮੇ ਸਮੇਂ ਤੋਂ ਆਪਣੀ ਆਵਾਜ ਬੁਲੰਦ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਸੰਘਰਸ਼ ਦੇ ਰਾਹ ਪਈਆਂ ਹੋਈਆਂ ਹਨ ।ਪਰ ਪਾਣੀ ਪਲੀਤ ਕਰਨ ਲਈ ਜਿੰਮੇਵਾਰ ਢੀਠ ਤੰਤਰ ਦੇ ਕੰਨ ਤੇ ਜੂੰ ਤੱਕ ਨਹੀਂ ਸਰਕਦੀ ।ਲੋਕ ਮਜਬੂਰ ਹਨ ਬੋਤਲ ਬੰਦ ਪਾਣੀ ਪੀਣ ਲਈ, ਘਰ ਘਰ ਆਰ ਓ ਸਿਸਟਮ ਲਗਾ ਕੇ ਪਾਣੀ ਪੀਣਯੋਗ ਬਣਾਉਣ ਲਈ, ਬੇਸ਼ੱਕ ਇਸ ਲਈ ਉਹਨਾਂ ਨੂੰ ਭਾਰੀ ਕੀਮਤ ਹੀ ਕਿਉਂ ਨਾ ਤਾਰਨੀ ਪੈਂਦੀ ਹੋਵੇ। ਅੱਜ ਕੋਈ ਵੀ ਨਲਕਿਆਂ , ਘੜਿਆਂ ,ਖੂਹਾਂ ਜਾ ਖੁੱਲ੍ਹੀਆਂ ਟੂਟੀਆਂ ਦਾ ਪਾਣੀ ਨਹੀਂ ਪੀ ਸਕਦਾ, ਨਹਿਰਾਂ ਜਾਂ ਕੱਸੀਆਂ ਤੋਂ ਓਕ ਲਾ ਕੇ ਪਾਣੀ ਪੀਣਾ ਤਾਂ ਦੂਰ ਦੀ ਗੱਲ ਹੈ। ਆਰ ਓ ਸਿਸਟਮ ਅਤੇ ਬੰਦ ਬੋਤਲ ਪਾਣੀ ਦਾ ਵੀ ਇਕ ਵੱਖਰਾ ਉਦਯੋਗ ਹੋਂਦ ਚ ਆ ਗਿਆ ਹੈ।

**"ਘੜੇ ,ਨਲਕੇ ਅਤੇ ਦਰਿਆ ਨਮੋਸ਼ੀ ਵਿੱਚ ਡੁੱਬੇ ਨੇ,**
**ਜਦੋਂ ਦਾ ਬੋਤਲਾਂ ਵਿੱਚ ਬੰਦ ਹੋ ਕੇ ਵਿਕ ਰਿਹਾ ਪਾਣੀ।**
**ਇਹ ਵਰਤਾਰਾ ਵੀ ਅੱਖੀਂ ਦੇਖ ਸਾਨੂੰ ਪੈ ਰਿਹਾ ਜੀਣਾ,**
**ਵਿਕੇ ਮੰਡੀ 'ਚ ਸਸਤਾ ਖੂਨ ,ਮਹਿੰਗਾ ਵਿਕ ਰਿਹਾ ਪਾਣੀ।"**

**(ਸੁਰਿੰਦਰਪ੍ਰੀਤ ਘਣੀਆ)**

ਉਪਰੋਕਤ ਸਤਰਾਂ ਦੇ ਸ਼ਾਇਰ ਨੇ ਅੱਜ ਦੇ ਦੌਰ ਦੀ ਸਪਸ਼ਟ ਤਸਵੀਰ ਪੇਸ਼ ਕਰ ਦਿੱਤੀ ਹੈ ।ਜੇ ਹੁਣ ਵੀ ਪਾਣੀਆਂ ਦੀ ਸੰਭਾਲ ਨਾ ਕੀਤੀ ਨਤੀਜੇ ਹੋਰ ਵੀ ਭਿਆਨਕ ਹੋ ਸਕਦੇ ਹਨ ।ਜਿਸ ਤਰ੍ਹਾਂ ਕਿ ਭਵਿੱਖਬਾਣੀ ਸੁਣਦੇ ਆਏ ਹਾਂ " ਆਉਂਦੇ ਸਮਿਆਂ ਚ ਤੀਜੀ ਵਿਸ਼ਵ ਜੰਗ ਪਾਣੀ ਲਈ ਲੱਗੇਗੀ" ਇਹ ਭਵਿੱਖਬਾਣੀ ਸੱਚ ਹੋਣ ਚ ਸ਼ਾਇਦ ਬਹੁਤੀ ਦੇਰ ਨਹੀਂ ਲੱਗਣੀ ਜੇ ਅਸੀਂ ਹੁਣ ਵੀ ਨਾ ਸੰਭਲੇ ।ਜੇ ਪਾਣੀ,ਹਵਾ ਤੇ ਧਰਤ ਨੂੰ ਦੂਸ਼ਿਤ ਹੋਣੋ ਨਾ ਬਚਾਇਆ।

ਇਸ ਲਈ ਹੁਣ ਚਾਹੀਦਾ ਇਹ ਹੈ ਕਿ ਆਲਮੀ ਪੱਧਰ ਤੇ ਪਾਣੀਆਂ ਦੀ ਸੰਭਾਲ ਵਾਸਤੇ ਦੁਨੀਆ ਭਰ ਦੀਆਂ ਸਰਕਾਰਾਂ ਤੇ ਪ੍ਰਸ਼ਾਸਨ ਵੱਲੋਂ ਪੂਰੀ ਸੰਜੀਦਗੀ ਨਾਲ ਪਾਣੀ ਪ੍ਰਦੂਸ਼ਣ ਦੀ ਸਮੱਸਿਆ ਨੂੰ ਹੱਲ ਕਰਨ ਲਈ ਸਖਤ ਕਦਮ ਚੁੱਕੇ ਜਾਣ। ਸ਼ਹਿਰਾਂ ,ਕਸਬਿਆਂ ਅਤੇ ਪਿੰਡਾਂ ਲਈ ਸੀਵਰੇਜ ਟ੍ਰੀਟਮੈਂਟ ਪਲਾਂਟ ਲਗਾਏ ਜਾਣ, ਉਦਯੋਗਿਕ ਖੇਤਰਾਂ ਵਿਚ ਵੱਡੀ ਸਮਰੱਥਾ ਵਾਲੇ ਕਾਮਨ ਐਫਲੂਏਂਟ ਟ੍ਰੀਟਮੈਂਟ ਪਲਾਂਟ ਸਥਾਪਤ ਕੀਤੇ ਜਾਣ , ਲੋੜ ਮੁਤਾਬਕ ਉਦਯੋਗਿਕ ਇਕਾਈਆਂ ਕੈਪਟੀਵ ਐਫਲੂਏਂਟ ਟ੍ਰੀਟਮੈਂਟ ਪਲਾਂਟਸ ਵੀ ਲਗਾਉਣ ਅਤੇ ਇਹਨਾਂ ਸੀਵਰੇਜ ਟ੍ਰੀਟਮੈਂਟ ਪਲਾਂਟਸ ,ਕਾਮਨ ਐਫਲੂਏਂਟ ਟ੍ਰੀਟਮੈਂਟ ਪਲਾਂਟਸ ਦੀ ਸਮੇਂ ਸਮੇਂ ਜਾਂਚ ਕਰਨੀ ਯਕੀਨੀ ਬਣਾਈ ਜਾਵੇ ।ਪੁਰਾਣੇ ਟ੍ਰੀਟਮੈਂਟ ਪਲਾਂਟਸ ਨੂੰ ਲੋੜ ਮੁਤਾਬਕ ਮੁੜ ਨਵਿਆਇਆ ਜਾਵੇ ਤਾਂ ਕਿ ਉਹਨਾਂ ਦੇ ਕੰਮ ਕਰਨ ਦੀ ਸਮਰੱਥਾ ਬਣੀ ਰਹੇ। ਇਸ ਤੋਂ ਇਲਾਵਾ ਮਾਹਿਰ ਵਾਤਾਵਰਣ ਵਿਗਿਆਨੀਆਂ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਨਵੀਆਂ ਤਕਨੀਕਾਂ ਅਮਲ ਚ ਲਿਆਦੀਆਂ ਜਾਣ ਅਤੇ ਪੂਰੀ ਸੁਹਿਰਦਤਾ ਨਾਲ ਪਾਣੀ ਦੀ ਸੁਧਾਈ ਯਕੀਨੀ ਬਣਾਈ ਜਾਵੇ। ਜੇ ਹੋ ਸਕੇ ਤਾਂ ਸੋਧੇ ਹੋਏ ਪਾਣੀਆਂ ਦੀ ਮੁੜ ਵਰਤੋਂ ਖੇਤੀਬਾੜੀ ਤੇ ਉਦਯੋਗਿਕ ਕਾਰਜਾਂ ਵਿੱਚ ਕਰਨ ਦੀ ਵੱਧ ਤੋਂ ਵੱਧ ਕੋਸ਼ਿਸ਼ ਕਰਨੀ ਚਾਹੀਦੀ ਹੈ , ਇਸ ਲਈ ਯੋਜਨਾਬੱਧ ਪ੍ਰਾਜੈਕਟ ਤਿਆਰ ਕੀਤੇ ਜਾਣ । ਇਸ ਤਰ੍ਹਾਂ ਦੇ ਪ੍ਰਬੰਧ ਤੇ ਕੋਸ਼ਿਸ਼ ਵੀ ਕੀਤੀ ਜਾਵੇ ਕਿ ਸੋਧੇ ਹੋਏ ਪਾਣੀ ਵੀ ਪੀਣ ਵਾਲੇ ਪਾਣੀਆਂ ਦੇ ਕੁਦਰਤੀ ਜਲ-ਸਰੋਤਾਂ 'ਚ ਮੁੜ ਨਾ ਰਲ ਸਕਣ।

ਸਰਕਾਰਾਂ,ਪ੍ਰਸ਼ਾਸਨ ਅਤੇ ਉਦਯੋਗਪਤੀਆਂ ਦੇ ਨਾਲ-ਨਾਲ ਪੂਰੀ ਦੁਨੀਆ ਦੇ ਲੋਕ ਵੀ ਜਾਗਰੂਕ ਹੋਣ ਤਾਂ ਕਿ ਉਹ ਅਜੋਕੀ ਤਰੱਕੀ-ਦੌੜ ਅਤੇ ਵਾਤਾਵਰਣ 'ਚ ਏਨਾ ਕੁ ਸੰਤੁਲਨ ਬਣਾਈ ਰੱਖਣ ਕੇ ਜ਼ਿੰਦਗੀ ਮਾਣਨਯੋਗ ਬਣੀ ਰਹੇ। ਪਰ ਅੱਜ ਮਨੁੱਖ ਅਜੋਕੀ ਤਰੱਕੀ-ਦੌੜ ਚ ਏਨਾ ਗਲਤਾਨ ਹੋ ਗਿਆ ਹੈ ਕਿ ਉਹ ਆਪਣੀ ਮੌਤ ਦਾ ਸਮਾਨ ਆਪ ਤਿਆਰ ਕਰੀ ਜਾ ਰਿਹਾ ਹੈ। ਚੰਗੀ ਜ਼ਿੰਦਗੀ ਜਿਉਣ ਦਾ ਸਭਨਾਂ ਨੂੰ ਬਰਾਬਰ ਹੱਕ ਹੈ ।ਇਹ ਗੱਲ ਹਰੇਕ ਇਨਸਾਨ ਨੂੰ ਸਮਝ ਲੈਣੀ ਚਾਹੀਦੀ ਹੈ ।ਇਹ ਨਾ ਹੋਵੇ ਕਿ ਤੁਹਾਡੀ ਤਰੱਕੀ ਦੇ ਰਾਹ ਚ ਆਉਣ ਵਾਲੇ ਲੋਕਾਂ ਨੂੰ ਤੁਸੀਂ ਕੀੜੇ ਮਕੌੜੇ ਸਮਝ ਕੇ ਦਰੜਦੇ ਜਾਓਂ।

ਸੋਹਣੀ ਜ਼ਿੰਦਗੀ ਜੀਓ, ਦੂਸਰਿਆਂ ਨੂੰ ਜੀਣ ਦਿਓ! ਇਹ ਤਾਂ ਹੀ ਸੰਭਵ ਹੋ ਸਕੇਗਾ ਜੇਕਰ ਅਸੀਂ ਗੁਰੂਆਂ, ਪੀਰਾਂ ਅਤੇ ਅਸਾਡੇ ਰਹਿਬਰਾਂ ਦੇ ਕਥਨ ਤੇ ਅਮਲ ਕਰਕੇ ਸਬਰ-ਸੰਤੋਖ ਵਾਲੀ ਜੀਵਨ ਜਾਚ ਅਪਨਾ ਲਈਏ , ਕੇਵਲ ਪਾਣੀ ਨੂੰ ਹੀ ਨਹੀਂ ਬਲਕਿ ਪੂਰੇ ਵਾਤਾਵਰਣ ਨੂੰ ਸਵੱਛ ਰੱਖੀਏ ਅਤੇ ਗੁਰਬਾਣੀ ਦੇ ਸ਼ਬਦਾਂ ਤੇ ਪਹਿਰਾ ਦਿੰਦਿਆਂ ਕੁਦਰਤ ਦੇ ਨਿਯਮਾਂ ਨੂੰ ਸਮਝੀਏ :

**ਪਵਣ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ।।**
**ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ।।**

**-ਅਮਰਜੀਤ ਸਿੰਘ ਜੀਤ**, 9417287122

## ਇੰਡੀਅਨ ਓਵਰਸੀਜ਼ ਕਾਂਗਰਸ ਦੇ ਸੀਨੀਅਰ ਆਗੂ ਦਲਜੀਤ ਸਿੰਘ ਸਹੋਤਾ (ਲੈਸਟਰ) ਨੂੰ ਭਾਰੀ ਸਦਮਾ

### ਮਾਤਾ ਸੁਰਜੀਤ ਕੌਰ ਸਹੋਤਾ ਅਕਾਲ ਚਲਾਣਾ ਕਰ ਗਏ



**ਲੈਸਟਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਇੰਡੀਅਨ ਨੈਸ਼ਨਲ ਕਾਂਗਰਸ ਦਾ ਯੂ.ਕੇ ਵਿੱਚ ਢਾਂਚਾ ਖੜ੍ਹਾ ਕਰਨ ਵਾਲੇ ਕਾਂਗਰਸ ਦੇ ਉੱਘੇ ਆਗੂ ਦਲਜੀਤ ਸਿੰਘ ਸਹੋਤਾ ਦੇ ਮਾਤਾ ਜੀ ਸਰਦਾਰਨੀ ਸੁਰਜੀਤ ਕੌਰ ਸਹੋਤਾ ਮੰਗਲਵਾਰ 17 ਦਸੰਬਰ 2024 ਨੂੰ ਚੜ੍ਹਾਈ ਕਰ ਗਏ ਹਨ ਜਿਸ ਕਾਰਨ ਸਹੋਤਾ ਪਰਿਵਾਰ ਸਦਮੇ ਵਿੱਚ ਹੈ। ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬਾੜੀਆਂ ਨਾਲ ਸਬੰਧਿਤ ਬੀਬੀ ਸੁਰਜੀਤ ਕੌਰ ਸਹੋਤਾ ਜ਼ਿਆਦਾ ਸਮਾਂ ਆਪਣੇ ਪਿੰਡ ਵਿੱਚ ਹੀ ਰਹੇ ਅਤੇ ਪਿਛਲੇ ਕਾਫ਼ੀ ਸਾਲਾਂ ਤੋਂ ਲੈਸਟਰ ਵਿਖੇ ਵੀ ਉਨ੍ਹਾਂ ਦਾ ਆਉਣ ਜਾਣ ਰਿਹਾ ਸੀ। ਉਹ ਪਿਛਲੇ 14-15 ਸਾਲ ਤੋਂ ਜ਼ਿਆਦਾ ਸਮਾਂ ਲੈਸਟਰ ਵਿਖੇ ਦਲਜੀਤ ਸਿੰਘ ਸਹੋਤਾ ਕੋਲ ਬਤਾਉਂਦੇ ਰਹੇ ਸਨ। 95 ਸਾਲਾ ਮਾਤਾ ਸੁਰਜੀਤ ਕੌਰ ਸਹੋਤਾ ਦੀ ਸਹੋਤਾ ਪਰਿਵਾਰ ਨੇ ਆਪਣੇ ਫ਼ਰਜ਼ਾਂ ਦੀ ਪੂਰਤੀ ਕਰਦੇ ਹੋਏ ਭਰਪੂਰ ਸੇਵਾ ਕੀਤੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮਾਤਾ ਜੀ ਬਹੁਤ ਹੀ ਸਫ਼ਲ ਪਰਿਵਾਰ ਵਿੱਚ ਆਪਣੇ ਪਿੱਛੇ ਬੇਟੇ ਦਲਜੀਤ ਸਿੰਘ ਸਹੋਤਾ (ਲੈਸਟਰ), ਹਰਦੀਪ ਸਿੰਘ ਸਹੋਤਾ (ਕੈਨੇਡਾ), ਹਰਜਿੰਦਰ ਸਿੰਘ ਸਹੋਤਾ (ਕੈਨੇਡਾ), ਬੇਟੀ ਜਸਵਿੰਦਰ ਕੌਰ ਬੈਂਸ (ਅਮਰੀਕਾ) ਸਮੇਤ ਪੋਤੇ, ਪੋਤੀਆ, ਦੋਹਤੇ, ਦੋਹਤੀਆਂ ਦਾ ਹੱਸਦਾ ਵਸਦਾ ਪਰਿਵਾਰ ਛੱਡ ਗਏ ਹਨ ਜਿਨ੍ਹਾਂ ਵਿੱਚ ਦਲਜੀਤ ਸਿੰਘ ਸਹੋਤਾ ਦਾ ਹੋਣਹਾਰ ਸਪੁੱਤਰ ਵਕੀਲ ਕੁਲਜੀਤ ਸਿੰਘ ਸਹੋਤਾ ਵੀ ਹੈ। ਸਹੋਤਾ ਪਰਿਵਾਰ ਨਾਲ 'ਅਜੀਤ ਜਲੰਧਰ' ਦੇ ਮੁੱਖ ਸੰਪਾਦਕ ਡਾਕਟਰ ਬਰਜਿੰਦਰ ਸਿੰਘ 'ਹਮਦਰਦ', ਕਾਂਗਰਸ ਦੇ ਐਮ.ਪੀ. ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ (ਰਾਜਾ ਬੜਿੰਗ), ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਸਾਬਕਾ ਐਮ.ਪੀ. ਮਹਾਰਾਣੀ ਪ੍ਰਨੀਤ ਕੌਰ, ਸਾਬਕਾ ਐਮ.ਪੀ. ਅਤੇ ਰਾਜ ਗਾਇਕ ਹੰਸ ਰਾਜ ਹੰਸ, ਹੁਸ਼ਿਆਰਪੁਰ ਦੇ ਐਮ.ਪੀ. ਡਾਕਟਰ ਰਾਜ ਕੁਮਾਰ ਚੱਬੇਵਾਲ, ਬਰਨਾਲਾ ਦੇ ਸਾਬਕਾ ਐਮ.ਐਲ.ਏ. ਸ. ਕੇਵਲ ਸਿੰਘ ਢਿੱਲੋਂ, ਪੰਜਾਬ ਪ੍ਰਦੇਸ਼ ਕਾਂਗਰਸ ਵਲੋਂ ਵਿਰੋਧੀ ਧਿਰ ਦੇ ਨੇਤਾ ਸ. ਪ੍ਰਤਾਪ ਸਿੰਘ ਬਾਜਵਾ, ਸਾਬਕਾ ਐਮ.ਐਲ.ਏ. ਸ. ਫ਼ਤਹਿ ਜੰਗ ਸਿੰਘ ਬਾਜਵਾ, ਅਕਾਲੀ ਆਗੂ ਸੁਖਦੇਵ ਸਿੰਘ ਢੀਡਸਾ, ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ, ਬਲਵੰਤ ਸਿੰਘ ਰਾਮੂਵਾਲੀਆ, ਜਗਮੀਤ ਸਿੰਘ ਬਰਾੜ, ਇੰਗਲੈਂਡ ਅਤੇ ਕੈਨੇਡਾ ਦੇ ਪ੍ਰਸਿੱਧ ਕਾਰੋਬਾਰੀ ਮਨਜੀਤ ਲਿੱਟ, ਐਨ.ਆਰ.ਆਈ. ਸਭਾ ਪੰਜਾਬ ਦੇ ਸਾਬਕਾ ਪ੍ਰਧਾਨ ਕਮਲਜੀਤ ਸਿੰਘ ਹੇਅਰ, ਗੋਗੀ ਹੇਅਰ ਸਲੋਹ, ਓਵਰਸੀਜ਼ ਕਾਂਗਰਸ ਯੂ.ਕੇ. ਦੇ ਪ੍ਰਧਾਨ ਕਮਲਪ੍ਰੀਤ ਸਿੰਘ ਧਾਲੀਵਾਲ, ਸਕਾਟਲੈਂਡ ਤੋਂ ਉੱਘੇ ਹੋਟਲ ਕਾਰੋਬਾਰੀ ਸੋਹਣ ਸਿੰਘ ਰੰਧਾਵਾ, ਜਸਵਿੰਦਰ ਸਿੰਘ ਗਿੱਲ (ਲੂਟਨ), ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਪ੍ਰਧਾਨ ਸ. ਹਿੰਮਤ ਸਿੰਘ ਸੋਹੀ, ਸਾਬਕਾ ਪ੍ਰਧਾਨ ਸ. ਗੁਰਮੇਲ ਸਿੰਘ ਮੱਲ੍ਹੀ, ਇਸਤਰੀ ਕਾਂਗਰਸ ਯੂ.ਕੇ. ਦੀ ਪ੍ਰਧਾਨ ਰਾਜਵਿੰਦਰ ਕੌਰ, ਲੈਸਟਰ ਗੁਰੂਘਰ ਦੇ ਪ੍ਰਧਾਨ ਰਾਜਾ ਮਨਵਿੰਦਰ ਸਿੰਘ, ਕਾਂਗਰਸ ਦੇ ਆਗੂ ਬਲਵਿੰਦਰ ਸਿੰਘ (ਬਿੱਲਾ ਗਿੱਲ), ਬਲਜਿੰਦਰ ਸਿੰਘ ਜੈਨਪੁਰ, ਇੰਡੀਅਨ ਕਾਂਗਰਸ ਯੂ.ਕੇ ਦੇ ਬੁਲਾਰੇ ਨਛੱਤਰ ਕਲਸੀ, ਇੰਗਲੈਂਡ ਦੇ ਉੱਘੇ ਕਾਰੋਬਾਰੀ ਜੁਗਿੰਦਰ ਸਾਂਗਰ (ਲੰਡਨ), ਬ੍ਰਮਿੰਘਮ ਦੇ ਉੱਘੇ ਕਾਰੋਬਾਰੀ ਅਵਤਾਰ ਸਿੰਘ ਕੰਗ, ਅਮਨਦੀਪ ਸਿੰਘ ਨਿੱਜਰ, ਹਰਜਿੰਦਰ ਸਿੰਘ, ਬਲਦੇਵ ਸਿੰਘ ਮੰਡੇਰ, ਡਾ. ਜਸਵੰਤ ਸਿੰਘ ਗਰੇਵਾਲ, ਰਣਜੀਤ ਸਿੰਘ ਓ.ਬੀ.ਈ., ਜਸਵੰਤ ਸਿੰਘ ਢਿੱਲੋਂ, ਜਗਤਾਰ ਸਿੰਘ ਧਾਲੀਵਾਲ ਤੋਂ ਇਲਾਵਾ ਦਲਜੀਤ ਸਿੰਘ ਸਹੋਤਾ ਦੇ ਨੇੜਲੇ ਅਤੇ ਪਿਆਰੇ ਮੁੱਢਲੇ ਸਾਥੀਆਂ ਵਿਚੋਂ ਰਸ਼ਪਾਲ ਸੰਘਾ (ਕੋਡਫਾਦਰ), ਮਹਿੰਦਰ ਸਿੰਘ ਕੰਗ, ਗੁਰਬੀਰ ਸਿੰਘ ਅਟਕੜ, ਸੁਖਦੇਵ ਪੁਰੇਵਾਲ ਅਤੇ ਵਾਹਿਗੁਰੂ ਔਲਖ (ਵੇਲਜ਼) 'ਦੇਸ ਪ੍ਰਦੇਸ' ਦੇ ਸਮੂਹ ਸਟਾਫ਼, ਸੰਚਾਲਕ ਸਰਬਜੀਤ ਸਿੰਘ ਵਿਰਕ, ਫ਼ੋਟੋਗ੍ਰਾਫ਼ਰ ਰਵੀ ਬੋਲੀਨਾ, ਸੁੱਖਾ ਢੇਸੀ, ਆਵਾਜਿ ਕੌਮ ਦੇ ਸੰਪਾਦਕ ਰਘਵੀਰ ਸਿੰਘ ਵਲੋਂ ਸਹੋਤਾ ਪਰਿਵਾਰ ਨਾਲ ਦੁੱਖਦਈ ਸਮੇਂ ਵਿੱਚ ਚੜ੍ਹਦੀ ਕਲਾ ਦੀ ਅਰਦਾਸਿ ਕੀਤੀ।

## ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਖ਼ਾਲਿਸਤਾਨੀ ਸੰਘਰਸ਼ ਦੇ 20 ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਅੱਜ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



**ਅੰਮ੍ਰਿਤਸਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਪ੍ਰੈੱਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਦੇ ਚਾਰ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਮਹਾਨ ਸਲਾਨਾ ਸ਼ਹੀਦੀ ਸਮਾਗਮ ਸ੍ਰੀ ਫ਼ਤਹਿਗੜ੍ਹ ਸਾਹਿਬ ਸਰਹਿੰਦ ਦੇ ਗੁਰਦੁਆਰਾ ਸਿੰਘ ਸਭਾ, ਪ੍ਰੀਤ ਨਗਰ ਵਿਖੇ ਸਰਦਾਰ ਐੱਮ.ਐੱਸ. ਮੁਲਤਾਨੀ (ਨਿਊਯਾਰਕ) ਦੇ ਸਹਿਯੋਗ ਨਾਲ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਵੱਲੋਂ 23 ਦਸੰਬਰ 2024 ਨੂੰ ਸ਼ਰਧਾ-ਭਾਵਨਾ ਤੇ ਸਤਿਕਾਰ ਸਹਿਤ ਕਰਵਾਇਆ ਜਾਏਗਾ, ਜਿਸ ਵਿੱਚ ਮੌਜੂਦਾ ਸੰਘਰਸ਼ ਦੇ 20 ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਜਿਹੜੇ ਜੁਝਾਰੂ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਗੁਰਧਾਮਾਂ ਦੀ ਪਵਿੱਤਰਤਾ ਦੀ ਰਾਖੀ, ਪੰਥ ਦੀ ਚੜ੍ਹਦੀ ਕਲਾ, ਬਾਣੀ-ਬਾਣੇ ਦੀ ਸਲਾਮਤੀ ਅਤੇ ਕੌਮੀ ਘਰ ਖਾਲਿਸਤਾਨ ਦੀ ਅਜ਼ਾਦੀ ਲਈ ਆਪਾ ਵਾਰ ਗਏ ਉਹਨਾਂ ਦੇ ਘਰਾਂ-ਪਰਿਵਾਰਾਂ ਦੀ ਸਾਰ ਲੈਣੀ ਸਾਡਾ ਕੌਮੀ ਫਰਜ਼ ਹੈ। ਉਹਨਾਂ ਕਿਹਾ ਕਿ ਸ਼ਹੀਦਾਂ ਦੇ ਪਾਏ ਪੂਰਨਿਆਂ ਅਤੇ ਨਿਸ਼ਾਨੇ ਉੱਤੇ ਦ੍ਰਿੜਤਾ ਨਾਲ ਪਹਿਰਾ ਦੇਣਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ।

## 26 ਜਨਵਰੀ ਦੀ ਪਰੇਡ 'ਚ ਇਸ ਵਾਰ ਦਿਸੇਗੀ ਪੰਜਾਬ ਦੀ ਝਾਕੀ

**ਚੰਡੀਗੜ੍ਹ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਗਣਤੰਤਰ ਦਿਵਸ ਮੌਕੇ ਦਿੱਲੀ ਵਿਚ ਹੋਣ ਵਾਲੀ ਪਰੇਡ 'ਚ ਪੰਜਾਬ ਦੀ ਝਾਕੀ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਇਸ ਵਾਰ 26 ਜਨਵਰੀ ਦੀ ਪਰੇਡ ਵਿਚ ਪੰਜਾਬ ਦੀ ਝਾਕੀ ਨੂੰ ਕੇਂਦਰ ਸਰਕਾਰ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਇਸ ਵਾਰ ਦਿੱਲੀ ਵਿਚ 26 ਜਨਵਰੀ ਨੂੰ ਹੋਣ ਵਾਲੀ ਪਰੇਡ ਵਿਚ ਪੰਜਾਬ ਦੀ ਝਾਕੀ ਨਜ਼ਰ ਆਵੇਗੀ। ਝਾਕੀ ਵਿਚ ਪੰਜਾਬ ਦੇ ਸੱਭਿਆਚਾਰ ਦੇ ਰੰਗ ਵਿਖਾਏ ਜਾਣਗੇ। ਇਥੇ ਇਹ ਵੀ ਦੱਸਣਯੋਗ ਹੈ ਕਿ ਪਿਛਲੀ ਵਾਰ ਪੰਜਾਬ ਦੀ ਝਾਕੀ ਸਿਲੈਕਟ ਨਾ ਹੋਣ 'ਤੇ ਵੱਡਾ ਵਿਵਾਦ ਖੜ੍ਹਾ ਹੋ ਗਿਆ ਸੀ। ਉਥੇ ਹੀ ਹਰਿਆਣਾ ਅਤੇ ਚੰਡੀਗੜ੍ਹ ਦੀ ਝਾਕੀ ਵੀ ਚੁਣੀ ਗਈ ਹੈ ਜਦਕਿ ਇਸ ਵਾਰ ਦਿੱਲੀ ਦੀ ਝਾਕੀ ਰਿਜੈਕਟ ਕਰ ਦਿੱਤੀ ਗਈ ਹੈ। ਹਰ ਸਾਲ 15 ਸੂਬਿਆਂ ਦੀਆਂ ਝਾਕੀਆਂ ਨੂੰ ਸ਼ਾਮਲ ਕੀਤਾ ਜਾਂਦਾ ਹੈ ।ਉਥੇ ਹੀ ਦਿੱਲੀ ਦੀ ਝਾਕੀ ਨਾ ਸਿਲੈਕਟ ਹੋਣ 'ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸਵਾਲ ਚੁੱਕੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਇਨ੍ਹਾਂ ਨੂੰ ਦਿੱਲੀ ਦੇ ਲੋਕਾਂ ਤੋਂ ਪਤਾ ਨਹੀਂ ਇੰਨੀ ਨਫ਼ਰਤ ਕਿਉਂ ਹੈ ? ਦਿੱਲੀ ਦੇ ਲੋਕ ਇਨ੍ਹਾਂ ਨੂੰ ਵੋਟ ਕਿਉਂ ਦੇਣ ? ਉਥੇ ਹੀ ਉਨ੍ਹਾਂ ਵੱਲੋਂ ਕੇਂਦਰ ਸਰਕਾਰ ਨੂੰ ਮੰਗ ਕੀਤੀ ਗਈ ਹੈ ਕਿ ਦਿੱਲੀ ਤਾਂ ਦੇਸ਼ ਦੀ ਰਾਜਧਾਨੀ ਹੈ ਅਤੇ ਦੇਸ਼ ਦੀ ਰਾਜਧਾਨੀ ਹੋਣ ਦੇ ਨਾਤੇ ਹਰ ਸਾਲ ਦਿੱਲੀ ਦੀ ਝਾਕੀ ਪਰੇਡ ਵਿਚ ਸ਼ਾਮਲ ਹੋਣੀ ਚਾਹੀਦੀ ਹੈ।

ਮਹਾਲਮ ਦੇ ਵਿੱਚ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖ ਕੇ

# ਬੱਚਿਆਂ ਦੇ ਗੁਰਮਤ ਸੈਮੀਨਾਰ ਕਰਵਾਏ ਗਏ





**ਫਿਰੋਜ਼ਪੁਰ, 22 ਦਸੰਬਰ 2024 (ਸੁਖਮੰਦਰ ਸਿੰਘ ਸ਼ਾਤ)**-ਅੱਜ ਪਿੰਡ ਮਹਾਲਮ ਦੇ ਵਿੱਚ ਸ਼ਹੀਦਾਂ ਦੇ ਜੋੜ ਮੇਲੇ ਮਨਾਏ ਗਏ ਸ਼ਹੀਦ ਭਾਈ ਬਚਿੱਤਰ ਸਿੰਘ ਅਤੇ ਸਮੂਹ ਸ਼ਹੀਦਾਂ ਨੂੰ ਯਾਦ ਕਰਦਿਆਂ ਪੰਜ ਪਿਆਰੇ ਸਾਹਿਬਾਨਾਂ ਵੱਲੋਂ ਭਾਈ ਬਲਕਾਰ ਸਿੰਘ ਉਹਨਾਂ ਦੇ ਵੱਲੋਂ ਗੁਰਮਤ ਸੈਮੀਨਾਰ ਕੁਝ ਦਿਨ ਪਹਿਲਾਂ ਬੱਚਿਆਂ ਦੇ

## ਇਮਤਿਹਾਨ ਪਾਸ ਕਰਨ ਵਾਲੇ ਬੱਚਿਆਂ ਨੂੰ ਦਿੱਤੇ ਗਏ ਮੈਡਲ ਅਤੇ ਸਿੱਖ ਇਤਿਹਾਸ ਦੀਆਂ ਪੁਸਤਕਾਂ

ਇਮਤਿਹਾਨ ਲੈ ਗਏ ਸਨ। ਅੱਜ ਰਾਤੜੀ ਦੇ ਦੀਵਾਨ ਸਮੇਂ ਭਾਈ ਬਲਕਾਰ ਸਿੰਘ ਜੀ ਨੇ ਸੰਗਤਾਂ ਨੂੰ ਕਥਾ ਸਰਵਣ ਕਰਵਾਈ ਉਪਰੰਤ ਜਿਹੜੇ ਬੱਚਿਆਂ ਨੇ ਪਹਿਲਾ ਸਥਾਨ ਤੇ ਆਏ ਗੁਰਸ਼ਰਨਜੀਤ ਸਿੰਘ,ਅੰਜੂ ਕੋਰ, ਅਰਸ਼ਦੀਪ ਸਿੰਘ ਉਹਨਾਂ ਨੂੰ ਮੈਡਲ ਅਤੇ ਧਾਰਮਿਕ ਲਕਟੇਚਰ ਦੇ ਕਰ ਸਨਮਾਨਿਤ ਕੀਤਾ ਗਿਆ।ਦੂਜੇ ਸਥਾਨ ਤੇ ਬੇਟੀ ਖੁਸ਼ਪ੍ਰੀਤ ਕੋਰ ਨੂੰ ਵੀ ਮੈਡਲ ਨਾਲ ਸਨਮਾਨਿਤ ਕੀਤਾ।ਇਹ ਸਮੇਂ ਪਿੰਡ ਮਹਾਲਮ ਦੇ ਸਰਪੰਚ ਸਰਵਣ ਸਿੰਘ ਖੰਗਰ ਜਿਨਾਂ ਨੇ ਕਿਹਾ ਕਿ ਜੋ ਵੀ ਬੱਚੇ ਵੱਧ ਤੋਂ ਵੱਧ ਗੁਰਬਾਣੀ ਪੜ੍ਹਗੇ ਜਾਂ ਧਾਰਮਿਕ ਪੁਸਤਕਾਂ ਲੈ ਕੇ ਗੁਰਬਾਣੀ ਜਾਂ ਇਤਿਹਾਸ ਪੜਨਾ ਚਾਹੁੰਦੇ ਹਨ ,ਉਹਨਾਂ ਬੱਚਿਆਂ ਦਾ ਅਸੀਂ ਸਾਡੇ ਪਰਿਵਾਰ ਵੱਲੋਂ ਸਨਮਾਨ ਕੀਤਾ ਜਾਏਗਾ ਇਹ ਸਮੇਂ ਪਿੰਡ ਮਹਾਲਮ ਦੇ ਆਗੂ ਸਾਹਿਬਾਨ, ਗੁਰਦੁਆਰਾ ਪ੍ਰਬੰਧਕ ਕਮੇਟੀ, ਹੈਡਗ੍ਰੰਥੀ ਸਿੰਘ ਹਾਜ਼ਰ ਸਨ, ਭਾਈ ਬਲਕਾਰ ਸਿੰਘ ਇਲਮੇ ਵਾਲਾ, ਹੈੱਡ ਗ੍ਰੰਥੀ ਬਲਵਿੰਦਰ ਸਿੰਘ,ਸਰਵਣ ਸਿੰਘ ਸਰਪੰਚ ਖੰਗਰ ਮਹਾਲਮ, ਪ੍ਰੀਤਮ ਸਿੰਘ ਬਜਾਜ, ਬਲਦੇਵ ਸਿੰਘ ਸਾਬਕਾ ਮੈਂਬਰ, ਸਤਨਾਮ ਸਿੰਘ,ਮੇਜਰ ਸਿੰਘ,ਅਮਰ ਸਿੰਘ ਲੈਨਮੈਨ, ਸਤਨਾਮ ਸਿੰਘ ਟਿੱਕੂ, ਗੁਰਪ੍ਰੀਤ ਸਿੰਘ ਲੱਖੂ, ਗੁਰਨਾਮ ਸਿੰਘ, ਬਲਜੀਤ ਸਿੰਘ ਬਜਾਜ,ਸਵਰਨ ਸਿੰਘ ਖਾਲਸਾ,ਧਰਮ ਸਿੰਘ ਹਸਤੀ ਵਾਲਾ, ਬਲਵਿੰਦਰ ਸਿੰਘ ਸੁਆਮੀ, ਸੁਖਪਾਲ ਸਿੰਘ ਵਕੀਲ, ਗੁਰਵਿੰਦਰ ਸਿੰਘ ਖੰਗਰ, ਲਖਵਿੰਦਰ ਸਿੰਘ ਖੰਗਰ, ਮਨਜੀਤ ਸਿੰਘ ਮਹਾਲਮ, ਮੁਖਤਿਆਰ ਸਿੰਘ ਬਜਾਜ,ਛਿੰਦਰ ਸਿੰਘ, ਕੁਲਵੰਤ ਸਿੰਘ, ਜਰਨੈਲ ਸਿੰਘ, ਸੁਖਵਿੰਦਰ ਸਿੰਘ ਡਾਟਾ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਭਾਈ ਸੰਗਤ ਸਿੰਘ ਜੀ



ਪੋਹ ਦੇ ਮਹੀਨੇ ਗੁਰੂ ਜੀ ਨੂੰ ਸ੍ਰੀ ਅਨੰਦਪੁਰ ਸਾਹਿਬ ਛੱਡਣਾ ਪਿਆ। ਪੋਹ ਦਾ ਮਹੀਨਾ ਸ਼ਹੀਦੀਆਂ ਦਾ ਮਹੀਨਾ ਹੈ। ਇਸ ਮਹੀਨੇ ਗੁਰੂ ਜੀ ਦਾ ਪ੍ਰੀਵਾਰ ਵਿੱਛੜ ਗਿਆ। ਸਿੱਖ ਵਿੱਛੜ ਗਏ ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਸਰਹੰਦ ਵਿੱਚ ਸ਼ਹੀਦ ਹੋ ਗਏ। ਗੁਰੂ ਜੀ ਨੇ ਵੱਡੇ ਸਾਹਿਬਜ਼ਾਦਿਆਂ ਅਤੇ ਚਾਲੀ ਸਿੰਘਾਂ ਸਮੇਤ ਚਮਕੌਰ ਦੀ ਗੜ੍ਹੀ ਵਿੱਚੋਂ ਦਸ ਲੱਖ ਫੌਜ ਦਾ ਮੁਕਾਬਲਾ ਕੀਤਾ।ਵੱਡੇ ਸਾਹਿਬਜ਼ਾਦੇ ਤੇ ਤੀਹ ਦੇ ਕਰੀਬ ਸਿੱਖ ਸ਼ਹੀਦ ਹੋ ਚੁੱਕੇ ਸਨ। ਬਾਕੀ ਬਚੇ ਹੋਏ ਸਿੰਘਾਂ ਵਿੱਚ ਭਾਈ ਦਇਆ ਸਿੰਘ ਜੀ, ਭਾਈ ਧਰਮ ਸਿੰਘ ਜੀ, ਭਾਈ ਮਾਨ ਸਿੰਘ ਜੀ, ਭਾਈ ਸੰਤ ਸਿੰਘ ਜੀ, ਭਾਈ ਸੰਗਤ ਸਿੰਘ ਜੀ ਸਨ।ਇੰਨ੍ਹਾਂ ਪੰਜਾਂ ਸਿੰਘਾਂ ਨੇ ਗੁਰੂ ਜੀ ਨੂੰ ਗੜ੍ਹੀ ਛੱਡਣ ਦਾ ਹੁਕਮ ਸੁਣਾਇਆਂ। ਗੁਰੂ ਜੀ ਪੰਜਾਂ ਪਿਆਰਿਆਂ ਦਾ ਹੁਕਮ ਮੰਨ ਕੇ ਗੜ੍ਹੀ ਛੱਡਣ ਲਈ ਤਿਆਰ ਹੋ ਗਏ।

ਇੰਨ੍ਹਾਂ ਵਿੱਚੋਂ ਭਾਈ ਸੰਗਤ ਸਿੰਘ ਜੀ ਦਾ ਜਨਮ ਕਈ ਵਿਦਵਾਨ ਪਟਨਾ ਸਾਹਿਬ ਦਾ ਤੇ ਕਈ ਵਿਦਵਾਨ ਪਿੰਡ ਖੇੜੀ ਕਪੂਰਥਲਾ ਸੰਨ 1667 ਦਾ ਲਿੱਖਦੇ ਹਨ।ਭਾਈ ਸੰਗਤ ਸਿੰਘ ਦਾ ਬਚਪਨ ਗੁਰੂ ਜੀ ਨਾਲ ਬੀਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਸਤਰ ਵਿਦਿਆਂ ਪ੍ਰਾਪਤ ਕੀਤੀ। ਗੁਰੂ ਜੀ ਨਾਲ ਕਈ ਜੰਗਾਂ ਵਿੱਚ ਹਿੱਸਾ ਲਿਆ। ਬਾਬਾ ਅਜੀਤ ਸਿੰਘ ਜੀ ਨਾਲ ਪੰਡਤਾਣੀ ਨੂੰ ਛਡਾਉਣ ਵੀ ਗਏ ਸਨ। ਇੰਨ੍ਹਾਂ ਦਾ ਚਿਹਰਾ ਮੁਹਰਾ ਗੁਰੂ ਜੀ ਨਾਲ ਕਾਫੀ ਮੇਲ ਖਾਂਦਾ ਸੀ। ਗੁਰੂ ਗੋਬਿੰਦ ਸਿੰਘ ਜੀ ਭਾਈ ਸੰਗਤ ਸਿੰਘ ਤੇ ਬਹੁਤ ਇਤਬਾਰ ਕਰਦੇ ਸਨ।ਗਿਆਨੀ ਗਿਆਨ ਸਿੰਘ ਤਵਾਰੀਖ ਗੁਰੂ ਖਾਲਸਾ ਵਿੱਚ ਲਿੱਖਦੇ ਹਨ ਕਿ ਚਮਕੌਰ ਦੀ ਗੜ੍ਹੀ ਵਿੱਚ ਪੰਜਾਂ ਸਿੰਘਾਂ ਦੇ ਬਹੁਤ ਹੱਠ ਕਰਨ ਤੇ ਗੁਰੂ ਜੀ ਨੇ ਭਾਈ ਸੰਗਤ ਸਿੰਘ ਜੀ ਨੂੰ ( ਜੋ ਐਨ ਹੂ-ਬ-ਹੂ ਗੁਰੂ ਕੇ ਸਰੂਪ ਸਮ ਸਰੂਪ ਵਾਲਾ ਸੀ) ਆਪਣੀ ਜਗ੍ਹਾ ਬੈਠਾ ਕੇ ਆਪਣਾ ਸਾਰਾ ਪੁਸ਼ਾਕਾ ਜਿਗ੍ਹਾ ਸਮੇਤ ਪਹਿਨਾ ਦਿੱਤਾ, ਅਤੇ ਅਰਦਾਸਾ ਸੋਧ ਕੇ ਏਹ ਬਚਨ ਕੀਤਾ " ਗੁਰੂ ਖਾਲਸਾ, ਖਾਲਸਾ ਗੁਰੂ" ਭਾਈ ਸਿੱਖੋ! ਅੱਜ ਤੋਂ ਮੈਂ ਖਾਲਸੇ ਨੂੰ ਗੁਰਿਆਈ ਦੀ ਪਦਵੀ ਦਿੱਤੀ, ਮੈਨੂੰ ਪੰਜਾਂ ਵਿੱਚ ਪ੍ਰਤੱਖ ਸਮਝੋ, ਪੰਜਾਂ ਸਿੰਘਾਂ ਦਾ ਨਾਮ ਗੁਰੂ ਖਾਲਸਾ ਹੈ। ਆਦਿ ਗੁਰੂ ਗ੍ਰੰਥ ਜੀ।

**ਪੰਚ ਪਰਵਾਨ ਪੰਚ ਪਰਧਾਨ ।।**
**ਪੰਚੇ ਪਾਵਹਿ ਦਰਗਹ ਮਾਨ ।।**

ਪੰਜਾਂ ਤੋਂ ਘੱਟ ਨਾ ਹੋਣ ਵੱਧ ਭਾਵੇਂ ਹੋਣ। ਪੰਜ ਸਿੰਘ ਪੀਰਾਂ ਦੇ ਪੀਰ ਗੁਰੂਆਂ ਸਿਰ ਗੁਰੂ ਹੁੰਦੇ ਹਨ, ਏਸੇ ਲਈ ਅਸਾਂ ਪੰਜਾਂ ਨੂੰ ਅੰਮ੍ਰਿਤ ਛਕਾ ਕੇ ਆਪਣੇ ਨਾਲ ਅਭੇਦ ਕੀਤਾ ਹੈ। ਪੰਜ ਸਿੰਘ ਮਿਲ ਕੇ ਸ਼ੁੱਧ ਮਨ ਨਾਲ ਅਰਦਾਸਾ ਸੋਧ ਕੇ ਜੇਹਾ ਕਾਰਜ ਕਰਨਾ ਚਾਹੁੰਣਗੇ, ਉਹੋ ਸਿੱਧ ਹੋ ਜਾਇਆ ਕਰੇਗਾ। ਗੁਰੂ ਜੀ ਨੇ ਭਾਈ ਸੰਗਤ ਸਿੰਘ ਤੇ ਭਾਈ ਸੰਤ ਸਿੰਘ ਨੂੰ ਆਪਣੇ ਧਨੁੱਖ , ਤੀਰ (ਜੋ ਕਈ ਸੌ ਸੀ) ਸੌਂਪ ਕੇ ਹੁਕਮ ਕੀਤਾ ਕਿ ਤੁਸੀ ਏਥੇ ਬੈਠ ਕੇ ਇਹ ਤੀਰ ਚੁਫੇਰੇ ਹੌਲੀ-ਹੌਲੀ ਇਹ ਤੀਰ ਛੱਡਦੇ ਰਹਿਣਾ।

ਇੰਨ੍ਹਾਂ ਨਾਲ ਭਾਈ ਰਾਮ ਸਿੰਘ, ਭਾਈ ਕੇਹਰ ਸਿੰਘ, ਭਾਈ ਸੰਤੋਖ ਸਿੰਘ, ਭਾਈ ਦੇਵਾ ਸਿੰਘ ਚਾਰੋਂ ਬੁਰਜਾਂ ਵਿੱਚ ਬੈਠ ਕੇ ਬੰਦੂਕਾਂ ਚਲਾਉਂਦੇ ਰਹੇ।ਭਾਈ ਕਾਠਾ ਸਿੰਘ ਦੀ ਡਿਊਟੀ ਨਗਾਰਾ ਵਜਾਉਣ ਦੀ ਸੀ। ਗੁਰੂ ਜੀ ਕੁੱਝ ਸਿੰਘਾਂ ਸਮੇਤ ਰਾਤ ਸਮੇਂ ਗੜ੍ਹੀ ਵਿੱਚੋਂ ਤਾੜੀ ਮਾਰ ਕੇ ਬਾਹਰ ਨਿਕਲੇ ਤੇ ਗੁਰੂ ਜੀ ਨੇ ਉੱਚੀ ਉੱਚੀ ਕਿਹਾ: 'ਪੀਰੇ ਹਿੰਦ ਮੇ ਰਵਦ' ਹਿੰਦ ਦਾ ਪੀਰ, ਸਿੱਖਾਂ ਦਾ ਗੁਰੂ ਜਾ ਰਿਹਾ ਜੇ। 9 ਪੋਹ ਦੀ ਸਵੇਰ ਨੂੰ ਵੈਰੀ ਦਲ ਨੇ ਗੜ੍ਹੀ ਉੱਤੇ ਮਾਰੋ ਮਾਰ ਕਰਕੇ ਪੂਰੇ ਜ਼ੋਰ ਨਾਲ ਹਮਲਾ ਕਰ ਦਿੱਤਾ।

ਭਾਈ ਸੰਗਤ ਸਿੰਘ ਜੀ ਤੇ ਦੂਜੇ ਸਿੰਘ ਵੈਰੀਆਂ ਦਾ ਟਾਕਰਾ ਕਰਦੇ ਹੋਏ ਸ਼ਹੀਦ ਹੋ ਗਏ। ਜਦੋਂ ਅੰਦਰੋਂ ਗੋਲੀਆਂ ਅਤੇ ਨਗਾਰੇ ਦੀ ਅਵਾਜ਼ ਆਉਣੀ ਬੰਦ ਹੋ ਗਈ ਤਾਂ ਮੁਗਲ ਸੈਨਾ ਅੰਦਰ ਵੜ ਗਈ ਤੇ ਭਾਈ ਸੰਗਤ ਸਿੰਘ ਨੂੰ ਵੇਖ ਗੁਰੂ ਸਮਝ ਕੇ ਖੁਸ਼ ਹੋ ਗਏ ਕਿ ਅਸੀਂ ਗੁਰੂ ਨੂੰ ਮਾਰ ਦਿੱਤਾ ਹੈ। ਖਵਾਜਾ ਮਰਦੂਦ ਨੇ ਸੂਬਾ ਸਰਹੰਦ ਨੂੰ ਹੁਕਮ ਕੀਤਾ ਕਿ ਕਿਸੇ ਜਾਣਕਾਰ ਆਦਮੀ ਤੋਂ ਸ਼ਨਾਖਤ ਕਰਾਉ, ਜਿਸਨੇ ਗੁਰੂ ਨੂੰ ਚੰਗੀ ਤਰ੍ਹਾਂ ਦੇਖਿਆ ਹੋਵੇ। ਜਦੋਂ ਜਾਂਚ ਪੜਤਾਲ ਕੀਤੀ ਗਈ ਤਾਂ ਸੱਚ ਸਾਹਮਣੇ ਆਇਆ ਕਿ ਇਹ ਗੁਰੂ ਗੋਬਿੰਦ ਸਿੰਘ ਨਹੀ, ਸਗੋਂ ਉਹਨਾਂ ਦੇ ਸਿੱਖ ਹਨ। ਫਿਰ ਉਹਨਾਂ ਨੇ ਸਾਰੇ ਸਿੱਖਾਂ ਦੇ ਸਰੀਰ ਇੱਕਠੇ ਕਰਕੇ ਇੱਕ-ਇੱਕ ਦੀ ਸ਼ਨਾਖਤ ਕਰਵਾਈ ਤੇ ਯਕੀਨ ਹੋ ਗਿਆ ਕਿ ਗੁਰੂ ਗੋਬਿੰਦ ਸਿੰਘ ਗੜ੍ਹੀ ਵਿੱਚੋਂ ਬੱਚ ਕੇ ਨਿਕਲ ਗਏ ਹਨ।ਭਾਈ ਸੰਗਤ ਸਿੰਘ ਜੀ ਤੇ ਦੂਜੇ ਸਿੰਘਾਂ ਨੇ ਗੁਰੂ ਬਚਨਾਂ ਤੇ ਫੁੱਲ ਚੜਾਏ। ਧਰਮ ਯੁੱਧ ਕਰਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ।ਆਉ ਇੰਨ੍ਹਾਂ ਸ਼ਹੀਦ ਸਿੰਘਾਂ ਦੇ ਸ਼ਹੀਦੀ ਦਿਹਾੜੇ ਮਨਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

**-ਧਰਮਿੰਦਰ ਸਿੰਘ(ਚੱਬਾ) ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

# ਕੇਂਦਰ ਸਰਕਾਰ ਕਿਸਾਨ ਆਗੂ ਡੱਲੇਵਾਲ ਦੀ ਭੁੱਖ ਹੜਤਾਲ ਤਰੁੰਤ ਖਤਮ ਕਰਵਾਏ :ਨਿਰਭੈ ਸਿੰਘ ਰਣੀਕੇ

ਧੂਰੀ ( ਰਣਜੀਤ ਸਿੰਘ ਪੇਧਨੀ ) ਪਿਛਲੇ 26 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਸਮਰਥਨ ਕਰਦਿਆਂ ਉੱਘੇ ਸਮਾਜ ਸੇਵੀ ਨਿਰਭੈ ਸਿੰਘ ਰਣੀਕੇ ਕੈਨੇਡਾ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਕਿਸਾਨਾਂ ਦੇ ਭਖਦੇ ਮਸਲਿਆਂ ਦਾ ਤੁਰੰਤ ਹੱਲ ਕਰਕੇ ਕਿਸਾਨ ਆਗੂ ਡੱਲੇਵਾਲ ਦੀ ਭੁੱਖ ਹੜਤਾਲ ਖਤਮ ਕਰਵਾਏ ਕਿਸਾਨਾਂ ਦੀਆਂ ਮੰਗਾਂ ਨੂੰ ਹਮਦਰਦੀ ਨਾਲ ਵਿਚਾਰਨ ਅਤੇ ਇਨ੍ਹਾਂ ਦੇ ਤੁਰੰਤ ਹੱਲ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲਵਾਲ, ਜੋ 30 ਨਵੰਬਰ ਤੋਂ ਖਨੌਰੀ ਸਰਹੱਦ ਵਿਖੇ ਕਿਸਾਨੀ ਮੰਗਾਂ ਨੂੰ ਲੈ ਕੇ ਭੁੱਖ ਹੜਤਾਲ 'ਤੇ ਬੈਠੇ ਹਨ, ਦੀ ਸਿਹਤ 'ਤੇ ਵੀ ਡੂੰਘੀ ਚਿੰਤਾ ਜ਼ਾਹਰ ਕੀਤੀ ਹੈ ਕਿ ਕੈਂਸਰ ਦਾ ਮਰੀਜ਼ ਹੋਣ ਦੇ ਬਾਵਜੂਦ ਕਿਸਾਨ ਆਗੂ ਡੱਲੇਵਾਲ ਕੇਂਦਰ ਤੋਂ ਮੰਗਾਂ ਮਨਾਉਣ ਲਈ ਮਰਨ ਵਰਤ 'ਤੇ ਬੈਠੇ ਹਨ, ਪਰ ਇਸ ਦੇ ਬਾਵਜੂਦ ਕੇਂਦਰ ਦੀ ਮੋਦੀ ਸਰਕਾਰ ਦਾ ਕਿਸਾਨਾਂ ਪ੍ਰਤੀ ਰਵੱਈਆ ਬੇਹੱਦ ਮਾੜਾ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਨਾਲ ਏਵੇਂ ਵਿਵਹਾਰ ਕਰ ਰਹੀ ਹੈ ਜਿਵੇਂ ਇਹ ਵਿਰੋਧੀ ਮੁਲਕ ਦੇ ਬਸ਼ਿੰਦੇ ਹੋਣ, ਕੇਂਦਰ ਸਰਕਾਰ ਨੂੰ ਇਹ ਕਦੀ ਨਹੀਂ ਭੁੱਲਣਾ ਚਾਹੀਦਾ ਕਿ ਪੰਜਾਬ ਦੇ ਕਿਸਾਨਾਂ ਨੇ ਜਿੱਥੇ ਹਰੀ ਕ੍ਰਾਂਤੀ ਲਿਆ ਕੇ ਦੇਸ਼ ਦੇ ਅੰਨ ਭੰਡਾਰ ਨੂੰ ਭਰਿਆ ਹੈ ਓਥੇ ਸਰਹੱਦਾਂ ਉੱਪਰ ਆਪਣੀਆਂ ਸ਼ਹਾਦਤਾਂ ਦੇ ਕੇ ਦੇਸ਼ ਨੂੰ ਦੁਸ਼ਮਣਾਂ ਤੋਂ ਵੀ ਬਚਾਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਨਥੇਹਾ ਦੇ ਸੰਗਤ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਲੈ ਕੇ

# ਦੁੱਧ ਤੇ ਬਿਸਕੁਟਾਂ ਦਾ ਲਾਇਆ ਲੰਗਰ







**ਤਲਵੰਡੀ ਸਾਬੋ, 22 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਸਾਹਿਬਜ਼ਾਦਿਆਂ ਦੀ ਸ਼ਹੀਦੀ ਸਮਾਗਮ ਨੂੰ ਲੈ ਕੇ ਜਿੱਥੇ ਵੱਖ-ਵੱਖ ਪਿੰਡਾਂ ਵਿੱਚ ਧਾਰਮਿਕ ਸਮਾਗਮ ਕੀਤੇ ਜਾ ਰਹੇ ਹਨ ਉੱਥੇ ਹੀ ਪਿੰਡ ਨਥੇਹਾ ਦੀ ਸੰਗਤ ਵੱਲੋਂ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਬੱਸ ਸਟੈਂਡ ਉੱਤੇ ਦੁੱਧ ਤੇ ਬਿਸਕੁਟਾਂ ਦਾ ਲੰਗਰ ਲਾਇਆ ਗਿਆ ਜਿਸ ਤਹਿਤ ਪਿੰਡ ਦੇ ਨੌਜਵਾਨਾਂ ਨੇ ਸਾਰਾ ਦਿਨ ਬੱਸ ਸਟੈਂਡ ਉੱਤੇ ਰਾਹਗੀਰਾਂ ਨੂੰ ਦੁੱਧ ਪਿਲਾਉਣ ਦੀ ਸੇਵਾ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਮਹੰਤ ਜਰਨੈਲ ਸਿੰਘ ਮਿੱਠੂ ਜਿੱਥੇ ਨੌਜਵਾਨਾਂ ਦੇ ਵੱਡੇ ਉਪਰਾਲੇ ਦੀ ਸਰਾਹਨਾ ਕੀਤੀ ਉਥੇ ਇਸ ਲੰਗਰ ਵਿਚ ਸਹਿਯੋਗ ਕਰਨ ਵਾਲੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸਾਨੂੰ ਸ਼ਹੀਦੀ ਹਫਤਾ ਪੂਰਨ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਣਾ ਚਾਹੀਦਾ ਹੈ ਕਿਉਂਕਿ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਲਈ ਆਪਣਾ ਸਰਬੰਸ ਕੁਰਬਾਨ ਕਰ ਦਿੱਤਾ ਛੋਟੇ ਛੋਟੇ ਸਾਹਿਬਜਾਦੇ ਸ਼ਹੀਦ ਕਰਵਾ ਦਿੱਤੇ। ਇਸ ਮੌਕੇ ਮਹੰਤ ਜਰਨੈਲ ਸਿੰਘ ਮਿੱਠੂ, ਸਮਾਜ ਸੇਵੀ ਆਗੂ ਸੁਖਪਾਲ ਸਿੰਘ, ਗੁਰਪ੍ਰੇਮ ਸਿੰਘ, ਚਰਨਜੀਤ ਸਿੰਘ ਗੱਗੂ ਪੰਚਾਇਤ ਮੈਂਬਰ, ਜਸਵੀਰ ਸਿੰਘ ਚਾਹਲ, ਗੁਰਸੇਵਕ ਸਿੰਘ, ਅਮਰ ਸਿੰਘ, ਸੰਦੀਪ ਚਾਹਲ, ਮਲਕੀਤ ਸਿੰਘ ਕਾਲਾ, ਸੁਖਦੀਪ ਸਿੰਘ ਚਾਹਲ, ਬੋਘਾ ਸਿੰਘ ਰਾਗੀ ਸਮੇਤ ਵੱਡੀ ਤਾਦਾਦ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।

ਬੀਬੀ ਸਤਵੰਤ ਕੌਰ ਵਿਰੁੱਧ ਮੀਡੀਆ ਵਿੱਚ

# ਗਲਤ ਬਿਆਨਬਾਜੀ ਕਰਨ ਵਾਲੇ ਮੁਆਫੀ ਮੰਗਣ : ਕਰਨੈਲ ਸਿੰਘ ਪੀਰਮੁਹੰਮਦ





**ਬਾਬਾ ਬਕਾਲਾ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਪਰਮਿੰਦਰ ਸਿੰਘ ਢੀਗਰਾਂ ਨੇ ਕਿਹਾ ਹੈ ਕਿ ਆਲ ਇੰਡੀਆ ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਦੇ ਸੱਚਖੰਡਵਾਸੀ ਮੁੱਖੀ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਵਾਲਿਆ ਦੀ ਪੋਤਰੀ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਵੱਡੀ ਸਪੁੱਤਰੀ ਬੀਬੀ ਸਤਵੰਤ ਕੌਰ ਨੂੰ ਸੋਸ਼ਲ ਮੀਡੀਏ ਟੀ ਵੀ ਚੈਨਲਾ ਜਾਂ ਕੁੱਝ ਮੰਦਬੁੱਧੀ ਵਾਲੇ ਵਿਅਕਤੀਆਂ ਵੱਲੋਂ ਨਰਾਇਣ ਸਿੰਘ ਚੌੜੇ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ ਸੁਖਬੀਰ ਸਿੰਘ ਬਾਦਲ ਤੇ ਕੀਤੇ ਕਾਤਲਾਨਾ ਹਮਲੇ ਨਾਲ ਜੋੜਨ ਦੀ ਕਮੀਨੀ ਕੋਸ਼ਿਸ਼ ਕਰਨੀ ਬੇਹੱਦ ਅਤਿ ਨਿੰਦਣਯੋਗ ਹੈ। ਨਰਾਇਣ ਸਿੰਘ ਚੌੜੇ ਦੀ ਪਿਛਲੇ ਦਿਨੀ ਬੀਬਾ ਸਤਵੰਤ ਕੌਰ ਨਾਲ ਹੋਈ ਇੱਕ ਸੁਭਾਵਿਕ ਮੀਟਿੰਗ ਨੂੰ ਸ਼ੱਕੀ ਰੰਗਤ ਦੇਣਾ ਵੀ ਇੱਕ ਨੀਵੇ ਪੱਧਰ ਦੀ ਘਿਨਾਉਣੀ ਸਾਜਿਸ਼ ਹੈ।

ਸ਼੍ਰੋਮਨੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਮੇਟੀ ਵੱਲੋਂ ਭਾਈ ਅਮਰੀਕ ਸਿੰਘ ਜੀ ਦੀ ਮਹਾਨ ਸ਼ਹਾਦਤ ਨੂੰ ਸਤਿਕਾਰ ਭੇਟ ਕਰਨ ਹਿੱਤ ਹੀ ਉਹਨਾਂ ਦੀ ਹੋਣਹਾਰ ਸਪੁੱਤਰੀ ਬੀਬੀ ਸਤਵੰਤ ਕੌਰ ਨੂੰ ਬਤੌਰ ਡਿਪਟੀ ਡਾਇਰੈਕਟਰ ਐਜੂਕੇਸ਼ਨ ਸੇਵਾ ਦਾ ਮੌਕਾ ਦੇਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਪੰਥਕ ਫ਼ਰਜ਼ ਦੀ ਅਦਾਇਗੀ ਕੀਤੀ ਹੈ। ਪੰਜਾਬ ਪੁਲਿਸ ਵੱਲੋਂ ਸ੍ਰ. ਸੁਖਬੀਰ ਸਿੰਘ ਬਾਦਲ ਦੀ ਸੁਰੱਖਿਆ ਪ੍ਰਤੀ ਹੋਈ ਕੁਤਾਹੀ ਤੇ ਆਪਨੀਆਂ ਨਿਲਾਇਕੀਆਂ ਨੂੰ ਛੁਪਾਉਣ ਲਈ ਪੁਠੇ ਹੱਥਕੰਡੇ ਵਰਤੋਂ ਕੀਤੀ ਜਾ ਰਹੀ ਹੈ। ਬੀਬਾ ਸਤਵੰਤ ਨੂੰ ਬਿਨਾ ਵਜਾ ਥਾਣੇ ਬੁਲਾਕੇ ਪੁੱਛ-ਗਿੱਛ ਕਰਨੀ ਪੰਥ ਵਿੱਚ ਇੱਕ ਨਵੀਂ ਚਰਚਾ ਛੇੜਨ ਤੇ ਫੁੱਟ ਦੇ ਬੀਜ ਬੀਜਣ ਦੀ ਬੜੀ ਗੰਭੀਰ ਸਾਜਿਸ਼ ਹੈ। ਸਿੱਖਾਂ ਨੂੰ ਅਜਿਹੀਆਂ ਪੰਥ ਵਿਰੋਧੀ ਸਾਜਿਸ਼ਾ ਤੋਂ ਸੁਚੇਤ ਹੋਣ ਦੀ ਲੋੜ ਹੈ। ਸਾਡਾ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਕਹਿਣਾ ਹੈ ਕਿ ਪੁਲਿੱਸ ਰਿਮਾਂਡ ਦੌਰਾਨ ਨਰਾਇਣ ਸਿੰਘ ਚੌੜਾ ਦੀ ਕੀਤੀ ਗਈ ਇੰਟੈਰੋਗੇਸ਼ਨ ਦੀ ਰਿਪੋਰਟ ਦੇ ਉਹ ਤੱਥ ਜਨਤਕ ਕੀਤੇ ਜਾਣ ਜਿੱਸ ਨੂੰ ਆਧਾਰ ਬਣਾਕੇ ਬੀਬਾ ਸਤਵੰਤ ਕੌਰ ਨੂੰ ਥਾਣੇ ਬੁਲਾਕੇ ਪੁੱਛ-ਗਿੱਛ ਕੀਤੀ ਗਈ ਹੈ। ਸ੍ਰੀ ਅਕਾਲ ਤੱਖਤ ਸਾਹਿਬ ਦੇ ਪ੍ਰੱਤੀਨਿੱਧ ਵੱਜੋਂ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਪੰਥਕ ਏਕਤਾ ਲਈ ਬਨਾਈ ਸੱਤ ਮੈਂਬਰੀ ਕਮੇਟੀ ਵਿੱਚ ਬੀਬਾ ਸਤਵੰਤ ਕੌਰ ਦਾ ਨਾਮ ਪਾਉਣਾ ਵੀ ਬਹੁਤਿਆਂ ਨੂੰ ਹਜ਼ਮ ਨਹੀਂ ਹੋ ਰਿਹਾ। ਸਰਕਾਰ ਤੇ ਪੰਥ ਵਿਰੋਧੀ ਸ਼ਕਤੀਆਂ ਆਪਨੀਆਂ ਅਜਿਹੀਆਂ ਹਰਕਤਾਂ ਬਾਜ਼ ਆਉਣ। ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਬੀਬਾ ਸਤਵੰਤ ਕੌਰ ਨਾਲ ਪਿੰਡ ਛਾਪਿਆਵਾਲੀ ਨਜਦੀਕ ਬਾਬਾ ਬਕਾਲਾ ਵਿਖੇ ਉਹਨਾਂ ਦੇ ਗ੍ਰਹਿ ਨਿਵਾਸ ਵਿਖੇ ਮੁਲਾਕਾਤ ਕੀਤੀ ।

ਕਮਿਸ਼ਨਰੇਟ ਪੁਲਿਸ, ਅੰਮ੍ਰਿਤਸਰ ’ਚ ਚੱਲ ਰਹੇ ਨਾਈਟ ਡੋਮੀਨੇਸ਼ਨ ਸਪੈਸ਼ਲ ਅਭਿਆਨ ਤਹਿਤ

# ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਖੁਦ ਸੜਕਾਂ ’ਤੇ ਉਤਰੇ, ਤਿੰਨਾਂ ਜੋਨਾਂ ਵਿੱਚ ਲੱਗੇ ਨਾਕਾ ਪੁਆਇੰਟਾਂ, ਗਸ਼ਤਾਂ ਅਤੇ ਥਾਣਿਆਂ ਤੇ ਪੁਲਿਸ ਚੌਕੀਆਂ ਦੀ ਚੈਕਿੰਗ ਕੀਤੀ

**ਅੰਮ੍ਰਿਤਸਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਸ਼ਹਿਰ ਵਿੱਚ ਅਮਨ ਸ਼ਾਤੀ ਅਤੇ ਕਾਨੂੰਨ ਵਿਵੱਸਥਾ ਨੂੰ ਬਣਾਈ ਰੱਖਣ ਲਈ ਅਤੇ ਮਾੜੇ ਅਨਸਰਾਂ ਨੂੰ ਨੱਥ ਪਾਉਂਣ ਲਈ ਪਹਿਲਾਂ ਤੋਂ ਚੱਲ ਰਹੇ ਵੱਖ-ਵੱਖ ਅਪਰੇਸ਼ਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐਸ. ਕਮਿਸ਼ਨਰ ਪੁਲਿਸ, ਅੰਮ੍ਰਿਤਸਰ ਦੀਆਂ ਹਦਾਇਤਾਂ ਤੇ ਆਲਮ ਵਿਜੈ ਸਿੰਘ, ਡੀ.ਸੀ.ਪੀ. ਲਾਅ ਐਂਡ ਆਰਡਰ, ਅੰਮ੍ਰਿਤਸਰ ਅਤੇ ਜਗਜੀਤ ਸਿੰਘ ਵਾਲੀਆ, ਡੀ.ਸੀ.ਪੀ. ਇੰਨ ਵੈਸਟੀਗੇਸ਼ਨ, ਅੰਮ੍ਰਿਤਸਰ ਦੇ ਦਿਸ਼ਾਂ ਨਿਰਦੇਸ਼ਾਂ ਤੇ ਸਮੂਹ ਏ.ਡੀ.ਸੀ.ਪੀਜ਼, ਏ.ਸੀ.ਪੀਜ਼ ਅਤੇ ਮੁੱਖ ਅਫਸਰਾਨ ਥਾਣਾ ਅਤੇ ਇੰਚਾਂਰਜ਼ ਚੌਕੀਆਂ ਤੇ ਯੂਨਿਟ ਸਟਾਫਾ, ਪੀ.ਸੀ.ਆਰ ਸਮੇਤ ਪੁਲਿਸ ਫੋਰਸ ਵੱਲੋਂ ਕਮਿਸ਼ਨਰੇਟ ਪੁਲਿਸ, ਅੰਮ੍ਰਿਤਸਰ ਦੇ ਤਿੰਨਾਂ ਜੋਨਾਂ ਦੇ ਵੱਖ-ਵੱਖ ਏਰੀਆਂ ਦੇ ਅੰਦਰੂਨੀ ਅਤੇ ਬਾਹਰੀ ਪੁਆਇੰਟਾਂ ਤੇ ਨਾਈਟ ਡੋਮੀਨੇਸ਼ਨ ਅਪਰੇਸ਼ਨ ਦੇ ਨਾਲ ਸਪੈਸ਼ਲ ਅਪਰੇਸ਼ਨ ਸੁਰੂ ਕੀਤਾ ਗਿਆ ਹੈ, ਜਿਸਦੇ ਤਹਿਤ ਸਪੈਸ਼ਲ ਨਾਕਾਬੰਦੀ/ਗਸ਼ਤ ਕਰਕੇ ਹਰੇਕ ਆਉਂਣ ਜਾਣ ਵਾਲੇ ਵਹੀਕਲ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ ਅਤੇ ਸ਼ੱਕੀ ਵਿਅਕਤੀਆਂ ਨੂੰ ਰਾਊਂਡ ਅੱਪ ਕਰਕੇ ਉਹਨਾਂ ਪਾਸੋਂ ਡੂੰਘਿਆਈ ਨਾਲ ਪੁੱਛਗਿੱਛ ਕੀਤੀ ਗਈ। ਕਮਿਸ਼ਨਰ ਪੁਲਿਸ, ਅੰਮ੍ਰਿਤਸਰ ਦੇ ਰੋਜਾਨਾ ਨਾਈਟ ਡੋਮੀਨੇਸ਼ਨ ਸਪੈਸ਼ਲ ਅਪਰੇਸ਼ਨ ਵਿੱਚ ਥਾਣਿਆਂ-ਚੌਕੀਆਂ ਦੀ ਪੁਲਿਸ, ਪੀ.ਸੀ.ਆਰ ਅਤੇ ਸਟਾਫਾਂ ਦੀ ਪੁਲਿਸ ਅਤੇ ਸੀਨੀਅਰ ਅਫਸਰਾਨ ਵੱਲੋਂ ਹਿੱਸਾ ਲਿਆ ਜਾ ਰਿਹਾ ਹੈ ਅਤੇ ਇਸ ਨਾਈਟ ਡੋਮੀਨੇਸ਼ਨ ਅਪਰੇਸ਼ਨ ਦੋਰਾਨ ਪੂਰੀ ਫੋਰਸ ਨੂੰ ਮੁਸ਼ਤੈਦ ਰਹਿ ਕੇ ਸਖਤੀ ਨਾਲ ਚੈਕਿੰਗ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਮਿਤੀ 21.12.2024 ਦੀ ਬੀਤੀ ਰਾਤ ਖੁਦ ਸੜਕਾਂ ਤੇ ਉਤਰ ਕੇ ਕਮਿਸ਼ਨਰ ਪੁਲਿਸ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਭੁੱਲਰ ਆਈਪੀਐਸ ਵੱਲੋਂ ਤਿੰਨਾਂ ਜੋਨਾਂ ਵਿੱਚ ਲੱਗੇ ਨਾਕਾ ਪੁਆਇੰਟਾਂ, ਗਸ਼ਤਾ ਅਤੇ ਥਾਣਿਆਂ ਤੇ ਪੁਲਿਸ ਚੌਕੀਆਂ ਦੀ ਚੈਕਿੰਗ ਕੀਤੀ ਗਈ। ਉਹਨਾਂ ਵੱਲੋਂ ਤਨਾਇਤ ਫੋਰਸ ਨੂੰ ਹਦਾਇਤ ਕੀਤੀ ਗਈ ਕਿ ਉਹ ਹੋਰ ਮੁਸਤੈਦ ਹੋ ਕੇ ਡਿਊਟੀ ਨਿਭਾਉਣ ਤੇ ਆਉਣ ਜਾਣ ਵਾਲੇ ਵਹਿਕਲਾ ਚੈਕਿੰਗ ਕੀਤੀ ਜਾਵੇ ਅਤੇ ਸ਼ੱਕੀ ਵਿਅਕਤੀਆਂ ਦੇ ਵੇਰਵੇ ਨੋਟ ਕੀਤੇ ਜਾਣ। ਉਹਨਾਂ ਪੁਲਿਸ ਫੋਰਸ ਨਾਲ ਗੱਲਬਾਤ ਕਰਕੇ ਦੁੱਖ ਤਕਲੀਫਾਂ ਵੀ ਸੁਣੀਆਂ ਤੇ ਮਨੋਬਲ ਵਧਾਇਆ।

# ਮੋਦੀ ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਕਿਸਾਨ ਆਗੂ ਡੱਲੇਵਾਲ ਦੀ ਭੁੱਖ ਹੜਤਾਲ ਖਤਮ ਕਰਵਾਉਣ : ਅਸ਼ੋਕ ਕੁਮਾਰ ਸਿੰਗਲਾ ਲੱਖਾ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ ਲੱਖਾ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਕਿਸਾਨਾਂ ਪ੍ਰਤੀ ਹਮਦਰਦੀ ਵਾਲਾ ਵਤੀਰਾ ਅਪਣਾਏ ਅਤੇ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ ਨੂੰ ਖਤਮ ਕਰਵਾਏ। ਉਨ੍ਹਾਂ ਕਿਹਾ ਕਿ ਡੱਲੇਵਾਲ ਪਿਛਲੇ 26 ਦਿਨਾਂ ਤੋ ਕਿਰਸਾਨੀ ਨੂੰ ਬਚਾਉਣ ਲਈ ਅਤੇ ਐਮ.ਐਸ.ਪੀ ਨੂੰ ਲਾਗੂ ਕਰਵਾਉਣ ਲਈ ਭੁੱਖ ਹੜਤਾਲ ’ਤੇ ਬੈਠੇ ਹੋਏ ਹਨ ਜੋ ਜਿੰਦਗੀ ਅਤੇ ਮੌਤ ਦੀ ਲੜਾਈ ਲੜ ਰਹੇ ਹਨ। ਜਿਨ੍ਹਾਂ ਦੀ ਹਾਲਤ ਇਸ ਤਰ੍ਹਾ ਹੈ ਕਿ ਉਹ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਕੇ ਕਿਸਾਨੀ ਪਾਤਰ ਸ਼ਹੀਦ ਹੋਣ ਜਾ ਰਹੇ ਹਨ। ਪਰ ਅਫਸੋਸ ਦੀ ਗੱਲ ਹੈ ਕਿ ਜਿਹੜੇ ਕਿਸਾਨਾਂ ਨੂੰ ਖੇਤਾ ਵਿੱਚ ਹੋਣਾ ਚਾਹੀਦਾ ਸੀ, ਉਹ ਅੱਜ ਸੜਕਾਂ ’ਤੇ ਆਪਣੀਆਂ ਮੰਗਾਂ ਨੂੰ ਲੈ ਕੇ ਸ਼ੰਘਰਸ਼ ਕਰ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਸਮੇਤ ਪੂਰੀ ਕੈਬਨਿਟ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਨਾਲ ਹੈ ਅਤੇ ਪੂਰੀ ਆਮ ਆਦਮੀ ਪਾਰਟੀ ਮੋਢੇ ਨਾਲ ਮੋਢਾ ਲਾ ਕੇ ਉਹਨਾਂ ਦੇ ਨਾਲ ਖੜੀ ਹੈ।

# ਡੱਲੇਵਾਲ ਦਾ ਸ਼ੰਘਰਸ਼ ਆਪਣੇ ਲਈ ਨਹੀ ਸਗੋਂ ਦੇਸ਼ ਦੀ ਕਿਸਾਨੀ ਨੂੰ ਬਚਾਉਣ ਲਈ ਹੈ : ਕੁਲਵਿੰਦਰ ਸਿੰਘ ਸਿੱਧੂ, ਸਰਪੰਚ ਹਸਨਪੁਰ ,ਅੱਛਰਾ ਆਸਟਰੇਲੀਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੀ ਬੇਹੱਦ ਨਾਜ਼ਕ ਹੋਈ ਹਾਲਤ ’ਤੇ ਚਿੰਤਾ ਪ੍ਰਗਟ ਕਰਦਿਆ ਕਿਸਾਨ ਆਗੂ ਕੁਲਵਿੰਦਰ ਸਿੰਘ ਸਿੱਧੂ, ਉੱਘੇ ਸਮਾਜ ਸੇਵੀ ਅੱਛਰਾ ਸਿੰਘ ਆਸਟਰੇਲੀਆ ਅਤੇ ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ ਨੇ ਕਿਹਾ ਕਿ ਕਿਸਾਨੀ ਹੱਕਾਂ ਨੂੰ ਲੈ ਕੇ ਮਰਨ ਵਰਤ ’ਤੇ ਬੈਠੇ ਸਰਦਾਰ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਖਾਤਰ ਕੇਂਦਰ ਤੇ ਪੰਜਾਬ ਸਰਕਾਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਹੱਲ ਕਰੇ। ਆਗੂਆਂ ਨੇ ਕਿਹਾ ਕਿ ਡੱਲੇਵਾਲ ਪਿਛਲੇ 26 ਦਿਨਾਂ ਤੋ ਕਿਰਸਾਨੀ ਨੂੰ ਬਚਾਉਣ ਲਈ ਅਤੇ ਐਮ.ਐਸ.ਪੀ ਨੂੰ ਲਾਗੂ ਕਰਵਾਉਣ ਲਈ ਭੁੱਖ ਹੜਤਾਲ ’ਤੇ ਬੈਠੇ ਹੋਏ ਹਨ। ਜਿਨ੍ਹਾਂ ਦੀ ਹਾਲਤ ਇਸ ਤਰ੍ਹਾ ਹੈ ਕਿ ਉਹ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਕੇ ਕਿਸਾਨੀ ਪਾਤਰ ਸ਼ਹੀਦ ਹੋਣ ਜਾ ਰਹੇ ਹਨ। ਪਰ ਅਫਸੋਸ ਦੀ ਗੱਲ ਹੈ ਕਿ ਜਿਹੜੇ ਕਿਸਾਨਾਂ ਨੂੰ ਖੇਤਾ ਵਿੱਚ ਹੋਣਾ ਚਾਹੀਦਾ ਸੀ, ਉਹ ਅੱਜ ਸੜਕਾਂ ’ਤੇ ਆਪਣੀਆਂ ਮੰਗਾਂ ਨੂੰ ਲੈ ਕੇ ਸ਼ੰਘਰਸ਼ ਕਰ ਰਹੇ ਹਨ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਕਿਸਾਨਾਂ ਪ੍ਰਤੀ ਨਰਮ ਰੁੱਖ ਅਪਨਾ ਕੇ ਕਿਸਾਨਾਂ ਦੀ ਗੱਲ ਸੁਣਨੀ ਚਾਹੀਦੀ ਹੈ। ਆਗੂਆਂ ਨੇ ਕਿਹਾ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕਰਦਿਆ ਕਿਹਾ ਕਿ ਆਓ ਆਪਾ ਸਾਰੇ ਸਰਦਾਰ ਡੱਲੇਵਾਲ ਦੇ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਆਈਏ ਅਤੇ ਹੁਣ ਸਿਰਫ ਪੰਜਾਬ ਦਾ ਕਿਸਾਨ ਹੀ ਨਹੀ ਸਗੋਂ ਪੂਰੇ ਭਾਰਤ ਦੇਸ਼ ਦਾ ਕਿਸਾਨ ਡੱਲੇਵਾਲ ਦੇ ਸ਼ੰਘਰਸ਼ ਵਿਚ ਕੁਦ ਪਿਆ ਹੈ।

# ਸਮਾਜ ਸੇਵੀ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਵਿਦੇਸ ਦੁਬੱਈ ਦੀ ਯਾਤਰਾ ਕਰਕੇ ਪੰਜਾਬ ਆਪਣੇ ਪਿੰਡ ਜਲਾਲ ਉਸਮਾ ਪਹੁੰਚੇ



**ਚੌਕ 22 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** ਹਲਕਾ ਜੰਡਿਆਲਾ ਗੁਰੂ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਠੇਕੇਦਾਰ ਦੇ ਭਰਾ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਆਕਾਸ਼ ਟਰਾਂਸਪੋਰਟ ਦੁਬੱਈ ਦੇ ਮਾਲਕ, ਐਕਸਾਈਜ ਤੇ ਟੈਕਸੇਸ਼ਨ ਸਹਾਲਕਾਰ ਕਮੇਟੀ ਦੇ ਮੈਬਰ ਪੰਜਾਬ ਸਰਕਾਰ ਜਿੱਲਾ ਵਾਈਸ ਪ੍ਰਧਾਨ ਵਪਾਰ ਮੰਡਲ ਅੰਮ੍ਰਿਤਸਰ ਪੀ ਏ ਸ੍ਰੀ ਵਿਨੀਤ ਵਰਮਾ ਜੀ, ਵਿਦੇਸ ਦੀ ਯਾਤਰਾ ਕਰਕੇ ਪੰਜਾਬ ਆਪਣੇ ਜੱਦੀ ਪਿੰਡ ਜਲਾਲ ਉਸਮਾ ਵਿੱਚ ਪਾਹੁੰਚੇ। ਉਨ੍ਹਾਂ ਨੇ ਪੱਤਰਕਾਰਾ ਨਾਲ ਗੱਲ ਬਾਤ ਕਰਦਿਆਂ ਹੋਇਆਂ ਕਿਹਾ ਕਿ ਹੁਣ ਆਪਣੀ ਪਾਰਟੀ ਆਮ ਆਦਮੀ ਪਾਰਟੀ ਦੀ ਤਰੱਕੀ ਲਈ ਦਿਨ ਰਾਤ ਇੱਕ ਕਰ ਦੇਵੇਗਾ। ਉਨ੍ਹਾਂ ਪੰਜਾਬ ਦੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਦੇ ਸਹਿਯੋਗ ਨਾਲ ਹਲਕਾ ਦਾ ਵਿਕਾਸ ਕਰਵਾਇਆ ਜਾਵੇਗਾ। ਨਾਲ ਲੋੜਵੰਦਾਂ ਲੋਕਾਂ ਦੀ ਸਹਾਇਤਾ ਲਈ ਪਹਿਲ ਕਦਮੀ ਕਰਾਂਗਾ। ਸਮਾਜ ਦੀ ਦੀ ਸੇਵਾ ਕਰਕੇ ਮੇਰੇ ਮਨ ਸਕੂਨ ਪਹੁੰਚਾਉਂਦਾ ਹੈ। ਮੈਨੂੰ ਬਹੁਤ ਲੋੜਵੰਦ ਸਹਾਇਤਾ ਕਰਕੇ ਖੁਸੀ ਮਿਲਦੀ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਬਾਦਲ ਦਲ ਦੀ ਥਾਂ ਸਿੱਖ ਪੰਥ ਦੀ ਅਗਵਾਈ ਲਈ

# ਨਵੀਂ ਲੀਡਰਸ਼ਿਪ ਨੂੰ ਅੱਗੇ ਲਿਆਉਣ ਦੀ ਲੋੜ-ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

- ਬੀਬੀ ਸਤਵੰਤ ਕੌਰ, ਭਾਈ ਨਰਾਇਣ ਸਿੰਘ ਚੌੜਾ, ਸਿੰਘ ਸਾਹਿਬਾਨ ਦੇ ਅਪਮਾਨ ਦੀ ਬਾਦਲ ਦਲ, ਸ਼੍ਰੋਮਣੀ ਕਮੇਟੀ ਨੂੰ ਭਾਰੀ ਕੀਮਤ ਤਾਰਨੀ ਪਵੇਗੀ
- ਬੀਬੀ ਸਤਵੰਤ ਕੌਰ ਖਿਲਾਫ ਕੁਫਰ ਤੋਲਣ ਵਾਲੇ ਬਾਦਲ ਦਲ ਆਗੂਆਂ ਨੂੰ ਸਿੰਘ ਸਾਹਿਬਾਨ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰਨ



**ਜਲੰਧਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਬਾਦਲ ਅਕਾਲੀ ਦਲ ਅਤੇ ਇਸ ਦੇ ਅਧੀਨ ਚੱਲ ਰਹੀ ਸ਼੍ਰੋਮਣੀ ਕਮੇਟੀ ਦੇ ਆਗੂ ਪੰਥਕ ਸਿਧਾਂਤਾਂ ਨਾਲ ਨਿੱਤ ਰੋਜ਼ ਨਵਾਂ ਖਿਲਵਾੜ ਕਰ ਰਹੇ ਹਨ। ਇਸ ਲਈ ਸਿੱਖ ਪੰਥ ਦੀ ਅਗਵਾਈ ਲਈ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਪ੍ਰਸਤੀ ਹੇਠ ਨਵੀਂ ਪੰਥਕ ਜਥੇਬੰਦੀ ਅਤੇ ਨਵੀਂ ਸਿੱਖ ਲੀਡਰਸ਼ਿਪ ਦੀ ਤੁਰੰਤ ਲੋੜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਸੌਦਾ ਸਾਧ ਨੂੰ ਪੰਥਕ ਮਰਿਯਾਦਾ ਦੀ ਉਲੰਘਣਾ ਕਰਨ ਲਈ ਉਤਸ਼ਾਹਤ ਕਰਨ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਪਮਾਨ ਮਾਮਲੇ ਵਿੱਚ ਸਰਕਾਰ ਅਤੇ ਸ੍ਰੀ ਅਕਾਲ ਤਖਤ ਸਾਹਿਬ, ਅਕਾਲੀ ਦਲ, ਸ਼੍ਰੋਮਣੀ ਕਮੇਟੀ ਦੀਆਂ ਤਾਕਤਾਂ ਦੀ ਦੁਰਵਰਤੋਂ ਕਰਕੇ ਸੌਦਾ ਸਾਧ ਨੂੰ ਮਾਫ ਕਰਨ, ਵਿਰੋਧ ਕਰਨ ਵਾਲੇ ਪੰਥਕ ਜਥੇਬੰਦੀਆਂ ਦੇ ਆਗੂਆਂ ਉੱਪਰ ਗੋਲੀਆਂ ਚਲਵਾਉਣ, ਸਿੰਘਾਂ ਨੂੰ ਸ਼ਹੀਦ ਕਰਨ, ਝੂਠੇ ਪੁਲਿਸ ਮੁਕਾਬਲਿਆਂ ਦੇ ਦੋਸ਼ੀ ਪੁਲਿਸ ਅਫਸਰਾਂ ਨੂੰ ਤਰੱਕੀਆਂ ਦੇਣ ਦੇ ਬੱਜਰ ਅਪਰਾਧ ਕਰਨ ਦੇ ਦੋਸ਼ੀ ਬਾਦਲ ਦਲ ਦੇ ਆਗੂ ਉਪਰੋਕਤ ਮਾਮਲਿਆਂ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਸਜਾਵਾਂ ਮਿਲਣ ਦੇ ਬਾਅਦ ਹੋਰ ਨਵੇਂ ਵੱਡੇ ਪੰਥਕ ਅਪਰਾਧ ਕਰਦੇ ਜਾ ਰਹੇ ਹਨ। ਇਹ ਵਿਚਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ, ਮੈਂਬਰ ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲੇ, ਕਾਰਜਕਾਰੀ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ, ਭਾਈ ਰਜਿੰਦਰ ਸਿੰਘ ਰਾਜਾ ਪ੍ਰਧਾਨ ਜ਼ਿਲ੍ਹਾ ਗੁਰਦਾਸਪੁਰ, ਭਾਈ ਬਲਬੀਰ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਭਾਈ ਕੁਲਦੀਪ ਸਿੰਘ ਡੱਲਾ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ ਜਗਰਾਓਂ, ਭਾਈ ਸਰਬਜੀਤ ਸਿੰਘ ਚਕਰ, ਭਾਈ ਕੁਲਦੀਪ ਸਿੰਘ, ਬਾਬਾ ਸੁਖਦੇਵ ਸਿੰਘ ਡਘਾਮ, ਬਾਬਾ ਅਜੀਤ ਸਿੰਘ, ਬਾਬਾ ਫਤਹਿ ਸਿੰਘ ਆਦਿ ਦੀ ਹਾਜਰੀ ਵਿੱਚ ਆਪਣੇ ਗ੍ਰਹਿ ਵਿਖੇ ਬੁਲਾਏ ਪੱਤਰਕਾਰ ਸੰਮੇਲਨ ਦੌਰਾਨ ਪ੍ਰਗਟ ਕੀਤੇ।

ਸਿੰਘ ਸਾਹਿਬ ਨੇ ਕਿਹਾ ਕਿ ਭਾਈ ਨਰਾਇਣ ਸਿੰਘ ਚੌੜਾ ਵੱਲੋਂ ਪੰਥਕ ਜਜ਼ਬਾਤਾਂ ਵਿੱਚ ਆ ਕੇ ਪੰਥਕ ਅਪਰਾਧਾਂ ਦੇ ਦੋਸ਼ੀ ਸੁਖਬੀਰ ਸਿੰਘ ਬਾਦਲ ਉੱਪਰ ਹਮਲਾ ਕਰਨ ਮਾਮਲੇ ਵਿੱਚ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਪੋਤਰੀ ਅਤੇ ਵੀਹਵੀਂ ਸਦੀ ਦੇ ਮਹਾਨ ਜਰਨੈਲ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਸੰਘਰਸ਼ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਅਤੇ ਸੰਤਾਂ ਨਾਲ ਹੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਹੀਦ ਹੋਣ ਵਾਲੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਜੀ ਦੀ ਪੁੱਤਰੀ ਬੀਬੀ ਸਤਵੰਤ ਕੌਰ ਨੂੰ ਬਾਦਲ ਦਲ ਅਤੇ ਭਗਵੰਤ ਸਿੰਘ ਮਾਨ ਦੀ ਆਪ ਸਰਕਾਰ ਵੱਲੋਂ ਸਾਜਿਸ਼ ਤਹਿਤ ਬਦਨਾਮ ਕਰਨਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਪੰਥਕ ਸੰਘਰਸ਼ ਵਿੱਚ ਪਾਏ ਯੋਗਦਾਨ ਦੇ ਕਾਰਨ ਬੀਬੀ ਸਤਵੰਤ ਕੌਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਵਿਭਾਗ ਵਿੱਚ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ। ਹਮਲੇ ਵਾਲੇ ਦਿਨ ਭਾਈ ਨਰਾਇਣ ਸਿੰਘ ਚੌੜਾ ਉਨ੍ਹਾਂ ਨੂੰ ਕੋਈ ਕਿਤਾਬ ਭੇਟ ਕਰਨ ਅਤੇ ਸਿੰਘ ਸਾਹਿਬਾਨ ਵੱਲੋਂ ਉਨ੍ਹਾਂ ਨੂੰ 7 ਮੈਂਬਰੀ ਕਮੇਟੀ ਵਿੱਚ ਸ਼ਾਮਲ ਹੋਣ 'ਤੇ ਵਧਾਈ ਦੇਣ ਗਿਆ ਸੀ। ਬੱਸ ਇੰਨੀ ਕੁ ਹੀ ਮੁਲਾਕਾਤ ਨੂੰ ਲੈ ਕੇ ਬਾਦਲ ਅਕਾਲੀ ਦਲ ਦੇ ਲੀਡਰ ਸੁਖਬੀਰ ਸਿੰਘ ਬਾਦਲ ਦੀ ਮਾਲਕੀ ਵਾਲੇ ਪੀਟੀਸੀ ਚੈਨਲ ਉੱਪਰ ਬੀਬੀ ਸਤਵੰਤ ਕੌਰ ਖਿਲਾਫ ਕੁਫਰ ਤੋਲ ਰਹੇ ਹਨ। ਸਿੰਘ ਸਾਹਿਬ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਬੀਬੀ ਸਤਵੰਤ ਕੌਰ ਉੱਪਰ ਝੂਠੇ ਦੋਸ਼ ਲਗਾਉਣ ਅਤੇ ਉਸ ਦੀ ਸ਼ਾਨ ਖਿਲਾਫ ਬੋਲਣ ਵਾਲੇ ਬਾਦਲ ਦਲ ਦੇ ਆਗੂਆਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਤਲਬ ਕਰਕੇ ਸਜਾ ਦਿੱਤੀ ਜਾਵੇ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਮਾਮਲੇ 'ਤੇ ਗੱਲ ਕਰਦਿਆਂ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਉਨ੍ਹਾਂ ਖਿਲਾਫ ਜੋ ਦੋਸ਼ ਅੱਜ ਲਗਾਏ ਗਏ ਹਨ, ਇਹ ਦੋਸ਼ ਉਨ੍ਹਾਂ ਉੱਪਰ ਉਦੋਂ ਵੀ ਲਗਾਏ ਗਏ ਸਨ ਜਦੋਂ ਉਨ੍ਹਾਂ ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਗ੍ਰੰਥੀ ਤੋਂ ਹੈੱਡ ਗ੍ਰੰਥੀ ਪਰਮੋਟ ਕੀਤਾ ਜਾਣਾ ਸੀ। ਸਿੰਘ ਸਾਹਿਬ ਨੇ ਦੱਸਿਆ ਕਿ ਇਹ ਦੋਸ਼ ਉਸ ਸਮੇਂ ਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ ਅਤੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜੀ ਦੇ ਧਿਆਨ ਵਿੱਚ ਲਿਆਂਦੇ ਗਏ ਸਨ। ਇਨ੍ਹਾਂ ਦੋਸ਼ਾਂ ਦੀ ਉਸ ਸਮੇਂ ਜਾਂਚ ਵੀ ਕਰਵਾਈ ਗਈ ਸੀ ਅਤੇ ਜਾਂਚ ਰਿਪੋਰਟ ਸੁਖਬੀਰ ਸਿੰਘ ਬਾਦਲ ਨੂੰ ਭੇਜੀ ਗਈ ਸੀ। ਇਸ ਜਾਂਚ ਰਿਪੋਰਟ ਵਿੱਚ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਕਲੀਨ ਚਿੱਟ ਦਿੰਦਿਆਂ ਉਨ੍ਹਾਂ ਨੂੰ ਗ੍ਰੰਥੀ ਤੋਂ ਹੈੱਡ ਗ੍ਰੰਥੀ ਦੇ ਰੂਪ ਵਿੱਚ ਪ੍ਰਮੋਟ ਕੀਤਾ ਸੀ।

ਗਿਆਨੀ ਹਰਪ੍ਰੀਤ ਸਿੰਘ ਖਿਲਾਫ ਬਾਦਲ ਦਲ ਵੱਲੋਂ ਮੌਜੂਦਾ ਸਮੇਂ ਕੀਤੇ ਜਾ ਰਹੇ ਕੂੜ ਪ੍ਰਚਾਰ ਦਾ ਜ਼ਿਕਰ ਕਰਦਿਆਂ ਦੱਸਿਆ ਗਿਆ ਕਿ ਸੁਖਬੀਰ ਸਿੰਘ ਬਾਦਲ ਅਤੇ ਬਾਦਲ ਦਲ ਦੇ ਹੋਰ ਆਗੂ ਉਨ੍ਹਾਂ ਖਿਲਾਫ ਇਸ ਲਈ ਕੂੜ ਪ੍ਰਚਾਰ ਕਰ ਰਹੇ ਹਨ ਕਿਉਂਕਿ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਬਿਆਨਾਂ ਵਿੱਚ ਅਨੇਕਾਂ ਵਾਰ ਕਿਹਾ ਸੀ ਕਿ ਅਕਾਲੀ ਦਲ ਕਿਸਾਨਾਂ ਮਜ਼ਦੂਰਾਂ ਅਤੇ ਹੋਰ ਗਰੀਬ ਵਰਗਾਂ ਦੀ ਵੀ ਪਾਰਟੀ ਹੈ, ਇਸ ਉੱਪਰ ਕਿਸੇ ਇੱਕ ਦਾ ਹੱਕ ਨਹੀਂ ਹੈ। ਉਨ੍ਹਾਂ ਦੇ ਇਹ ਬਿਆਨ ਜਗੀਰਦਾਰੀ ਸੋਚ ਅਤੇ ਸਿਰਫ ਆਪਣੇ ਪਰਿਵਾਰ ਦੀ ਪਾਰਟੀ ਸਮਝ ਰਹੇ ਸੁਖਬੀਰ ਸਿੰਘ ਬਾਦਲ ਨੂੰ ਹਜਮ ਨਹੀਂ ਹੋ ਰਹੇ ਸਨ। ਇਸੇ ਲਈ ਉਨ੍ਹਾਂ ਨੇ ਆਪਣੇ ਨੇਤਾਵਾਂ ਰਾਹੀਂ ਗਿਆਨੀ ਹਰਪ੍ਰੀਤ ਸਿੰਘ ਨੂੰ ਬਦਨਾਮ ਕਰਨ ਦੀਆਂ ਸਾਜਿਸ਼ਾਂ ਰਚੀਆਂ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੇ ਗਿਆਨੀ ਹਰਪ੍ਰੀਤ ਸਿੰਘ ਉੱਪਰ ਲੱਗੇ ਦੋਸ਼ਾਂ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਜਾਂਚ ਕਮੇਟੀ ਦਾ ਵਿਰੋਧ ਕਰਕੇ ਸ਼ਲਾਘਾਯੋਗ ਕੰਮ ਕੀਤਾ ਹੈ। ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿੱਚ ਨਮੋਸ਼ੀ ਵਿੱਚ ਘਿਰ ਗਈ ਹੈ, ਇਸੇ ਲਈ ਇਸ ਨੇ 23 ਦਸੰਬਰ ਦਿਨ ਸੋਮਵਾਰ ਨੂੰ ਅੰਤਰਿੰਗ ਕਮੇਟੀ ਦੀ ਬੁਲਾਈ ਹੰਗਾਮੀ ਮੀਟਿੰਗ ਰੱਦ ਕਰਨ ਦਾ ਐਲਾਨ ਕੀਤਾ ਹੈ। ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਵਿੱਚ ਸਿੰਘ ਸਾਹਿਬ ਨੇ ਕਿਹਾ ਕਿ ਮੌਜੂਦਾ ਸਮੇਂ ਜੇ ਕੋਈ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਿੰਘ ਸਾਹਿਬਾਨ ਦਾ ਸਭ ਤੋਂ ਵੱਧ ਅਪਮਾਨ ਕਰ ਰਿਹਾ ਹੈ, ਤਾਂ ਉਹ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲਾ ਬਾਦਲ ਦਲ ਹੈ, ਜੋ ਮੌਜੂਦਾ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਕੋਈ ਵੀ ਹੁਕਮ ਮੰਨਣ ਤੋਂ ਇਨਕਾਰੀ ਹੋ ਗਿਆ ਹੈ। ਮਾਮਲਾ ਭਾਵੇਂ ਅਹੁਦਿਆਂ ਤੋਂ ਅਸਤੀਫੇ ਦੇਣ ਦਾ ਹੋਵੇ, ਜਾਂ ਅਕਾਲੀ ਦਲ ਦੀ ਨਵੀਂ ਲੀਡਰਸ਼ਿਪ ਅੱਗੇ ਲਿਆਉਣ ਦਾ ਹੋਵੇ, ਬਾਦਲ ਅਕਾਲੀ ਦਲ ਦੇ ਆਗੂ ਕੋਈ ਵੀ ਹੁਕਮ ਮੰਨਣ ਲਈ ਤਿਆਰ ਨਹੀਂ ਹਨ। ਸਿੰਘ ਸਾਹਿਬ ਨੇ ਕਿਹਾ ਕਿ ਬਾਦਲ ਅਕਾਲੀ ਦਲ ਖਿਲਾਫ ਦੇਸ਼ ਵਿਦੇਸ਼ ਵਿੱਚ ਹਰ ਵਰਗ ਦੇ ਲੋਕਾਂ ਵਿੱਚ ਨਫਰਤ ਪੈਦਾ ਹੋ ਗਈ ਹੈ। ਇਹੋ ਕਾਰਨ ਹੈ ਕਿ ਹੋਈਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਬਾਦਲ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਸ਼ਰਮਨਾਕ ਹਾਰਾਂ ਦਾ ਸਾਹਮਣਾ ਕਰਨਾ ਪਿਆ ਹੈ। ਪੱਤਰਕਾਰਾਂ ਵੱਲੋਂ ਪੁੱਛੇ ਗਏ ਇੱਕ ਹੋਰ ਜਵਾਬ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਜੇਕਰ ਬਾਦਲ ਦਲ ਦੇ ਆਗੂ ਆਪਣੀ ਚੜ੍ਹਦੀ ਕਲਾ ਅਤੇ ਸਿੱਖ ਪੰਥ ਵਿੱਚ ਆਪਣਾ ਸਨਮਾਨਜਨਕ ਦਰਜਾ ਬਹਾਲ ਕਰਨਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਇਹ ਕਹਿੰਦਿਆਂ ਅਕਾਲੀ ਦਲ ਵਿੱਚ ਨਵੀਂ ਲੀਡਰਸ਼ਿਪ ਨੂੰ ਅੱਗੇ ਆਉਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ ਅਤੇ ਸਿੱਖ ਪੰਥ ਨਾਲ ਇਹ ਵਾਅਦਾ ਕਰਨਾ ਚਾਹੀਦਾ ਹੈ ਕਿ ਉਹ ਭਵਿੱਖ ਵਿੱਚ ਕਦੇ ਵੀ ਕੋਈ ਚੋਣ ਨਹੀਂ ਲੜਨਗੇ ਅਤੇ ਪਿੱਛੇ ਰਹਿ ਕੇ ਪੰਥ ਦੀ ਸੇਵਾ ਕਰਨਗੇ। ਸਿੰਘ ਸਾਹਿਬ ਨੇ ਇਹ ਵੀ ਦੱਸਿਆ ਕਿ ਬਾਦਲ ਦਲ ਆਗੂਆਂ ਤੋਂ ਇਸ ਤਿਆਗ ਦੀ ਉਮੀਦ ਨਹੀਂ ਹੈ। ਇਸੇ ਲਈ ਬਾਦਲ ਦਲ ਦੇ ਬਦਲ ਵਜੋਂ ਦੇਸ਼ ਵਿਦੇਸ਼ ਵਿੱਚ ਨਵੀਂ ਪੰਥਕ ਅਗਵਾਈ ਵਾਲੀ ਜਥੇਬੰਦੀ ਤਿਆਰ ਕਰਨ ਲਈ ਸਾਰੀਆਂ ਪੰਥਕ ਧਿਰਾਂ ਨੂੰ ਇੱਕਮੁੱਠ ਕਰਨ ਦੀਆਂ ਕੋਸ਼ਿਸ਼ਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਦੀਆਂ ਕਈ ਜਥੇਬੰਦੀਆਂ ਨੇ ਉਨ੍ਹਾਂ ਤੱਕ ਪਹੁੰਚ ਕੀਤੀ ਹੈ ਅਤੇ ਇਸ ਦੇ ਚੱਲਦਿਆਂ ਉਨ੍ਹਾਂ ਨੇ ਅਨੇਕਾਂ ਪੰਥਕ ਸੰਗਠਨਾਂ ਨੂੰ 2@27 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ-ਪਹਿਲਾਂ ਇੱਕ ਸਾਂਝੇ ਮੰਚ ਉੱਪਰ ਆਉਣ ਲਈ ਤਿਆਰ ਵੀ ਕਰ ਲਿਆ ਹੈ। ਉਨ੍ਹਾਂ ਨੇ ਸਾਰੀਆਂ ਸੰਘਰਸ਼ਸ਼ੀਲ ਸਿੱਖ ਜਥੇਬੰਦੀਆਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਇੱਕਮੁੱਠ ਹੋਣ ਦੀ ਅਪੀਲ ਕੀਤੀ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243